HAPPY Mother's Day

Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 41 ▪ 10 ਮਈ 2026 ▪ ਐਤਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ



## ਮਾਂ

ਮਾਂ ਸ਼ਬਦ ਹੈ ਭਾਵੇਂ
ਸਭ ਰਿਸ਼ਤਿਆਂ ਚੋਂ ਨਿੱਕਾ
ਪਰ ਦੁਨੀਆਂ ਦਾ ਹਰ ਰਿਸ਼ਤਾ
ਇਸ ਰਿਸ਼ਤੇ ਅੱਗੇ
ਪੈ ਜਾਂਦਾ ਹੈ ਫਿੱਕਾ।
ਮਾਂ ਦੇ ਚਰਨਾਂ ਵਿੱਚ
ਜੰਨਤ ਹੁੰਦੀ
ਸਾਰੀ ਦੁਨੀਆਂ ਮੰਨੇ
ਨਿਰਇੱਛਤ ਹੋ ਕੇ
ਕਾਰਜ ਕਰਦੀ
ਨਹੀਂ ਪੈਂਦੀ ਵਿੱਚ ਹੱਦ ਬੰਨੇ।
ਮਾਂ ਦੀ ਸੂਰਤ
ਮਾਂ ਦੀ ਮੂਰਤ
ਵਸੀ ਰਹੇ ਮਨ ਦੇ ਵਿਹੜੇ
ਰੱਬ ਦੀ ਪੂਜਾ ਸਫ਼ਲ ਹੋ ਜਾਂਦੀ
ਮਾਂ ਦੀ ਪੂਜਾ ਕਰ ਲੈਂਦੇ
ਜਿਹੜੇ।
ਮਾਂ ਇੱਕ ਅਹਿਸਾਸ ਹੈ
ਜੋ ਸਦਾ ਰਹੇ ਜਿਉਂਦਾ
ਭਾਵੇਂ ਦੇਸ਼ ਹੋਵੇ
ਭਾਵੇਂ ਪ੍ਰਦੇਸ਼
ਹਰ ਥਾਂ ਧਰਮਿੰਦਰਾ
ਮਾਂ ਦਾ ਚੇਤਾ ਆਉਂਦਾ।

ਧਰਮਿੰਦਰ ਸਿੰਘ

## ਖੇਤ ਦੀ ਵੱਟ ਦੇ ਵਿਵਾਦ 'ਚ ਵਕੀਲ ਦਾ ਕਤਲ: ਟਰੈਕਟਰ-ਕਲਟੀਵੇਟਰ ਨਾਲ ਕੁਚਲਿਆ, ਫਾਇਰਿੰਗ 'ਚ ਦੂਜੀ ਧਿਰ ਦਾ ਵਿਅਕਤੀ ਵੀ ਜ਼ਖ਼ਮੀ

**ਮਲੋਟ, 09 ਮਈ (ਹਰਦੀਪ ਸਿੰਘ ਖਾਲਸਾ)** ਮਲੋਟ ਦੇ ਪਿੰਡ ਸ਼ੇਰਗੜ੍ਹ ਵਿੱਚ ਸ਼ੁੱਕਰਵਾਰ ਸ਼ਾਮ ਜ਼ਮੀਨੀ ਵਿਵਾਦ ਨੇ ਖ਼ੂਨੀ ਰੂਪ ਧਾਰਨ ਕਰ ਲਿਆ। ਪਿੰਡ ਦੇ ਐਡਵੋਕੇਟ ਗੁਰਜੀਤ ਸਿੰਘ ਮਾਨ ਦਾ ਕਥਿਤ ਤੌਰ 'ਤੇ ਟਰੈਕਟਰ ਨਾਲ ਲੱਗੇ ਕਲਟੀਵੇਟਰ ਹੇਠਾਂ ਕੁਚਲ ਕੇ ਕਤਲ ਕਰ ਦਿੱਤਾ ਗਿਆ, ਜਦਕਿ ਦੂਜੀ ਧਿਰ ਦਾ ਇੱਕ ਵਿਅਕਤੀ ਗੋਲੀ ਲੱਗਣ ਕਾਰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਘਟਨਾ ਤੋਂ ਬਾਅਦ ਇਲਾਕੇ ਵਿੱਚ ਸਨਸਨੀ ਫੈਲ ਗਈ ਅਤੇ ਵਕੀਲ ਭਾਈਚਾਰੇ ਵਿੱਚ ਸੋਗ ਦੀ ਲਹਿਰ ਦੌੜ ਗਈ।



ਜਾਣਕਾਰੀ ਅਨੁਸਾਰ ਪਿੰਡ ਸ਼ੇਰਗੜ੍ਹ ਦੇ ਰਹਿਣ ਵਾਲੇ ਐਡਵੋਕੇਟ ਗੁਰਜੀਤ ਸਿੰਘ ਮਾਨ ਪੁੱਤਰ ਗੁਰਮੀਤ ਸਿੰਘ ਮਾਨ ਸ੍ਰੀ ਮੁਕਤਸਰ ਸਾਹਿਬ ਦੀਆਂ ਅਦਾਲਤਾਂ ਵਿੱਚ ਵਕਾਲਤ ਕਰਦੇ ਸਨ। ਸ਼ੁੱਕਰਵਾਰ ਸ਼ਾਮ ਉਹ ਆਪਣੇ ਖੇਤਾਂ ਵੱਲ ਗਏ ਹੋਏ ਸਨ। ਇਸ ਦੌਰਾਨ ਗੁਆਂਢੀ ਬੰਤਾ ਸਿੰਘ ਦੇ ਪਰਿਵਾਰ ਨਾਲ ਖੇਤ ਦੀ ਵੱਟ ਨੂੰ ਲੈ ਕੇ ਵਿਵਾਦ ਹੋ ਗਿਆ। ਦੇਖਦੇ ਹੀ ਦੇਖਦੇ ਦੋਵੇਂ ਧਿਰਾਂ ਆਹਮੋ-ਸਾਹਮਣੇ ਹੋ ਗਈਆਂ।

ਦੱਸਿਆ ਜਾ ਰਿਹਾ ਹੈ ਕਿ ਮੌਕੇ 'ਤੇ ਬੰਤਾ ਸਿੰਘ, ਉਸਦਾ ਪੁੱਤਰ ਕਾਲਾ ਸਿੰਘ ਅਤੇ ਪੋਤਾ ਮੌਜੂਦ ਸਨ, ਜਦਕਿ ਐਡਵੋਕੇਟ ਗੁਰਜੀਤ ਸਿੰਘ ਆਪਣੇ ਮੁਨਸ਼ੀ ਅਤੇ ਹੋਰ ਲੋਕਾਂ ਨਾਲ ਉੱਥੇ ਪਹੁੰਚੇ ਹੋਏ ਸਨ। ਵਿਵਾਦ ਵਧਣ ਨਾਲ ਮਾਹੌਲ ਤਣਾਅਪੂਰਨ ਹੋ ਗਿਆ। ਦੋਸ਼ ਹੈ ਕਿ ਇਸੇ ਦੌਰਾਨ ਬੰਤਾ ਸਿੰਘ ਦੇ ਪੋਤੇ ਨੇ ਟਰੈਕਟਰ ਸਮੇਤ ਕਲਟੀਵੇਟਰ ਗੁਰਜੀਤ ਸਿੰਘ ਮਾਨ ਉੱਪਰ ਚੜ੍ਹਾ ਦਿੱਤਾ। ਇਸ ਘਟਨਾ ਵਿੱਚ ਉਹ ਬੁਰੀ ਤਰ੍ਹਾਂ ਕੁਚਲੇ ਗਏ।

ਗੰਭੀਰ ਹਾਲਤ ਵਿੱਚ ਉਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਮਲੋਟ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਘਟਨਾ ਦੌਰਾਨ ਹੋਈ ਫਾਇਰਿੰਗ ਵਿੱਚ ਦੂਜੀ ਧਿਰ ਦਾ ਕਾਲਾ ਸਿੰਘ ਵੀ ਜ਼ਖ਼ਮੀ ਹੋ ਗਿਆ। ਉਸਨੂੰ ਪਹਿਲਾਂ ਮਲੋਟ ਵਿੱਚ ਮੁੱਢਲਾ ਇਲਾਜ ਦੇਣ ਤੋਂ ਬਾਅਦ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ।

ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਸਦਰ ਮਲੋਟ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਥਾਣਾ ਮੁਖੀ ਕੁਲਬੀਰ ਚੰਦ ਨੇ ਦੱਸਿਆ ਕਿ ਮ੍ਰਿਤਕ ਦੇ ਪਿਤਾ ਗੁਰਮੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਕਮਲਜੀਤ ਸਿੰਘ ਉਰਫ ਕਾਲਾ ਸਿੰਘ, ਜਗਮੀਤ ਸਿੰਘ, ਬੰਤਾ ਸਿੰਘ ਅਤੇ ਇੱਕ ਅਣਪਛਾਤੇ ਵਿਅਕਤੀ ਖ਼ਿਲਾਫ਼ ਕਤਲ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਪੁਲਿਸ ਮੁਤਾਬਕ ਦੂਜੀ ਧਿਰ ਵੱਲੋਂ ਅਜੇ ਤੱਕ ਕੋਈ ਬਿਆਨ ਦਰਜ ਨਹੀਂ ਕਰਵਾਏ ਗਏ। ਪਿੰਡ ਵਿੱਚ ਤਣਾਅਪੂਰਨ ਮਾਹੌਲ ਨੂੰ ਦੇਖਦੇ ਹੋਏ ਪੁਲਿਸ ਤਾਇਨਾਤ ਕਰ ਦਿੱਤੀ ਗਈ ਹੈ।

ਉੱਧਰ ਐਡਵੋਕੇਟ ਗੁਰਜੀਤ ਸਿੰਘ ਮਾਨ ਦੀ ਮੌਤ ਤੋਂ ਬਾਅਦ ਵਕੀਲ ਭਾਈਚਾਰੇ ਵਿੱਚ ਭਾਰੀ ਰੋਸ ਅਤੇ ਦੁੱਖ ਪਾਇਆ ਜਾ ਰਿਹਾ ਹੈ। ਸਾਥੀ ਵਕੀਲਾਂ ਨੇ ਘਟਨਾ ਦੀ ਨਿੰਦਾ ਕਰਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

## ਮਲੋਟ ਹਸਪਤਾਲ 'ਚ ਜ਼ਿੰਦਗੀ ਤੇ ਮੌਤ ਵਿਚਾਲੇ ਜੰਗ ਲੜ ਰਹੀ ਨਵਜਨਮੀ, ਪਰਿਵਾਰ ਨੇ ਛੇ ਦਿਨਾਂ ਬਾਅਦ ਵੀ ਨਹੀਂ ਅਪਣਾਈ ਧੀ

### ਬੱਚਾ ਬਦਲਣ ਦੇ ਲਗਾਏ ਦੋਸ਼, ਹਸਪਤਾਲ ਪ੍ਰਸ਼ਾਸਨ ਨੇ ਕਿਹਾ- ਲੜਕੀ ਹੀ ਹੋਈ ਸੀ ਪੈਦਾ





**ਮਲੋਟ, 09 ਮਈ (ਹਰਦੀਪ ਸਿੰਘ ਖਾਲਸਾ)** ਮਲੋਟ ਦੇ ਨਿੱਜੀ ਹਸਪਤਾਲ ਵਿੱਚ ਜ਼ਿੰਦਗੀ ਅਤੇ ਮੌਤ ਵਿਚਾਲੇ ਜੰਗ ਲੜ ਰਹੀ ਨਵਜਨਮੀ ਬੱਚੀ ਨੂੰ ਲੈ ਕੇ ਮਾਮਲਾ ਹੁਣ ਗੰਭੀਰ ਰੂਪ ਧਾਰਦਾ ਜਾ ਰਿਹਾ ਹੈ। ਛੇ ਦਿਨ ਬੀਤ ਜਾਣ ਦੇ ਬਾਵਜੂਦ ਵੀ ਬੱਚੀ ਦਾ ਪਰਿਵਾਰ ਨਾ ਤਾਂ ਉਸਦੀ ਜ਼ਿੰਮੇਵਾਰੀ ਲੈਣ ਲਈ ਅੱਗੇ ਆਇਆ ਹੈ ਅਤੇ ਨਾ ਹੀ ਇਲਾਜ ਵਿੱਚ ਕੋਈ ਸਹਿਯੋਗ ਕਰ ਰਿਹਾ ਹੈ। ਇਕ ਪਾਸੇ ਮਾਸੂਮ ਬੱਚੀ ਹਸਪਤਾਲ ਦੀ ਆਈਸੀਯੂ ਵਿੱਚ ਜ਼ਿੰਦਗੀ ਲਈ ਸੰਘਰਸ਼ ਕਰ ਰਹੀ ਹੈ, ਜਦਕਿ ਦੂਜੇ ਪਾਸੇ ਉਸਦੇ ਆਪਣੇ ਹੀ ਉਸ ਤੋਂ ਦੂਰੀ ਬਣਾਈ ਬੈਠੇ ਹਨ। ਇਹ ਮਾਮਲਾ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਵਿਧਾਨ ਸਭਾ ਹਲਕਾ ਮਲੋਟ ਨਾਲ ਜੁੜਿਆ ਹੋਣ ਕਾਰਨ ਵੀ ਚਰਚਾ ਵਿੱਚ ਹੈ।

ਜਾਣਕਾਰੀ ਅਨੁਸਾਰ 4 ਮਈ ਨੂੰ ਉੱਤਰ ਪ੍ਰਦੇਸ਼ ਦੇ ਰਹਿਣ ਵਾਲੇ ਛੋਟੇਲਾਲ ਦੀ ਪਤਨੀ ਗੁਲਾਬ ਸ੍ਰੀ ਦੀ ਸਿਵਲ ਹਸਪਤਾਲ ਮਲੋਟ ਵਿੱਚ ਡਿਲੀਵਰੀ ਹੋਈ ਸੀ, ਜਿਸ ਦੌਰਾਨ ਇੱਕ ਬੱਚੀ ਨੇ ਜਨਮ ਲਿਆ। ਪਰਿਵਾਰ ਵੱਲੋਂ ਦੋਸ਼ ਲਗਾਇਆ ਜਾ ਰਿਹਾ ਹੈ ਕਿ ਮਹਿਲਾ ਨੇ ਲੜਕੇ ਨੂੰ ਜਨਮ ਦਿੱਤਾ ਸੀ, ਪਰ ਹਸਪਤਾਲ ਪ੍ਰਸ਼ਾਸਨ ਨੇ ਬੱਚਾ ਬਦਲ ਕੇ ਉਨ੍ਹਾਂ ਨੂੰ ਲੜਕੀ ਹੋਣ ਦੀ ਜਾਣਕਾਰੀ ਦਿੱਤੀ।

ਉੱਧਰ, ਜਨਮ ਤੋਂ ਬਾਅਦ ਬੱਚੀ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਤੁਰੰਤ ਮਾਨਵ ਸੇਵਾ ਅਤੇ ਸੇਠੀ ਬੱਚਿਆਂ ਦੇ ਹਸਪਤਾਲ ਵਿੱਚ ਰੈਫਰ ਕਰ ਦਿੱਤਾ ਗਿਆ। ਡਾਕਟਰਾਂ ਮੁਤਾਬਕ ਬੱਚੀ ਦੇ ਦਿਮਾਗ ਤੱਕ ਲੋੜ ਅਨੁਸਾਰ ਆਕਸੀਜਨ ਨਹੀਂ ਪਹੁੰਚੀ ਸੀ ਅਤੇ ਉਸਦੀ ਹਾਲਤ ਬਹੁਤ ਨਾਜ਼ੁਕ ਬਣੀ ਹੋਈ ਹੈ।

ਹਸਪਤਾਲ ਦੀ ਆਈਸੀਯੂ ਵਿੱਚ ਦਾਖਲ ਬੱਚੀ ਦੇ ਇਲਾਜ ਲਈ ਜਦੋਂ ਪਰਿਵਾਰ ਨੂੰ ਦਸਤਾਵੇਜ਼ੀ ਕਾਰਵਾਈ ਪੂਰੀ ਕਰਨ ਲਈ ਬੁਲਾਇਆ ਗਿਆ ਤਾਂ ਪਰਿਵਾਰ ਵੱਲੋਂ ਬੱਚਾ ਬਦਲਣ ਦੇ ਦੋਸ਼ ਲਗਾਏ ਗਏ। ਹਾਲਾਂਕਿ ਹਸਪਤਾਲ ਪ੍ਰਸ਼ਾਸਨ ਨੇ ਇਨ੍ਹਾਂ ਦੋਸ਼ਾਂ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ।

ਸਿਵਲ ਹਸਪਤਾਲ ਦੇ ਐਸਐਮਓ ਡਾ. ਰਾਜਿੰਦਰ ਕੁਮਾਰ ਨੇ ਦੱਸਿਆ ਕਿ ਜਦੋਂ ਤੋਂ ਇਹ ਪਰਿਵਾਰ ਡਿਲੀਵਰੀ ਲਈ ਹਸਪਤਾਲ ਵਿੱਚ ਆਇਆ ਸੀ, ਉਸ ਸਮੇਂ ਤੋਂ ਹੀ ਡਾਕਟਰਾਂ ਅਤੇ ਸਟਾਫ ਵੱਲੋਂ ਪੂਰੀ ਦੇਖਭਾਲ ਕੀਤੀ ਗਈ। ਉਨ੍ਹਾਂ ਕਿਹਾ ਕਿ ਪਰਿਵਾਰ ਵੱਲੋਂ ਕੋਈ ਸਹਿਯੋਗ ਨਹੀਂ ਦਿੱਤਾ ਜਾ ਰਿਹਾ ਸੀ, ਫਿਰ ਵੀ ਸਟਾਫ ਅਤੇ ਡਾਕਟਰਾਂ ਨੇ ਮਿਹਨਤ ਕਰਕੇ ਡਿਲੀਵਰੀ ਕਰਵਾਈ।

ਉਨ੍ਹਾਂ ਦੱਸਿਆ ਕਿ ਬੱਚੀ ਦੇ ਜਨਮ ਸਮੇਂ ਦੀ ਵੀਡੀਓ ਵੀ ਹਸਪਤਾਲ ਕੋਲ ਮੌਜੂਦ ਹੈ, ਜਿਸ ਵਿੱਚ ਬੱਚੀ ਦੇ ਜਨਮ ਅਤੇ ਉਸਦੀ ਸਿਹਤ ਸਥਿਤੀ ਦੀ ਪੁਸ਼ਟੀ ਹੁੰਦੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਡਿਲੀਵਰੀ ਦੌਰਾਨ ਲੜਕੀ ਹੀ ਪੈਦਾ ਹੋਈ ਸੀ ਅਤੇ ਉਸਦੇ ਫੁੱਟਪ੍ਰਿੰਟ ਸਮੇਤ ਸਾਰੇ ਮੈਡੀਕਲ ਰਿਕਾਰਡ ਮੌਜੂਦ ਹਨ, ਜਿਨ੍ਹਾਂ ਨਾਲ ਪਛਾਣ ਦੀ ਪੁਸ਼ਟੀ ਕੀਤੀ ਜਾ ਸਕਦੀ ਹੈ।

ਹੈਰਾਨੀ ਦੀ ਗੱਲ ਇਹ ਹੈ ਕਿ ਬੱਚੀ ਨੂੰ ਲੈ ਕੇ ਸਵਾਲ ਖੜ੍ਹੇ ਕਰਨ ਵਾਲਾ ਪਰਿਵਾਰ ਹੁਣ ਉਸਦੇ ਇਲਾਜ ਅਤੇ ਦੇਖਭਾਲ ਦੀ ਜ਼ਿੰਮੇਵਾਰੀ ਲੈਣ ਤੋਂ ਵੀ ਪਿੱਛੇ ਹਟ ਰਿਹਾ ਹੈ। ਹਸਪਤਾਲ ਪ੍ਰਸ਼ਾਸਨ ਮੁਤਾਬਕ ਪਰਿਵਾਰ ਇਲਾਜ ਨਾਲ ਜੁੜੇ ਦਸਤਾਵੇਜ਼ਾਂ 'ਤੇ ਦਸਤਖਤ ਕਰਨ ਤੋਂ ਵੀ ਇਨਕਾਰ ਕਰ ਚੁੱਕਾ ਹੈ। ਕਈ ਵਾਰ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਪਰਿਵਾਰ ਦਾ ਕੋਈ ਮੈਂਬਰ ਹਸਪਤਾਲ ਨਹੀਂ ਪਹੁੰਚਿਆ।

ਉੱਧਰ, ਨਿੱਜੀ ਹਸਪਤਾਲ ਮਨੁੱਖਤਾ ਦੇ ਨਾਤੇ ਆਪਣੇ ਖਰਚ 'ਤੇ ਬੱਚੀ ਦਾ ਇਲਾਜ ਕਰਵਾ ਰਿਹਾ ਹੈ। ਡਾਕਟਰਾਂ ਦੇ ਮੁਤਾਬਕ ਬੱਚੀ ਅਜੇ ਵੀ ਵੈਂਟੀਲੇਟਰ ਸਪੋਰਟ 'ਤੇ ਹੈ ਅਤੇ ਉਸਦੀ ਹਾਲਤ ਗੰਭੀਰ ਬਣੀ ਹੋਈ ਹੈ।

ਡਾ. ਰਾਜਿੰਦਰ ਕੁਮਾਰ ਨੇ ਕਿਹਾ ਕਿ ਇਸ ਮਾਮਲੇ ਵਿੱਚ ਹੁਣ ਪਰਿਵਾਰ ਦੀ ਤਸੱਲੀ ਲਈ ਡੀਐਨਏ ਟੈਸਟ ਹੀ ਇਕੱਲਾ ਰਸਤਾ ਬਚਦਾ ਹੈ।

## 30 ਨਸ਼ੀਲੀਆਂ ਗੋਲੀਆਂ ਸਮੇਤ 2 ਕਾਬੂ

**ਗਿੱਦੜਬਾਹਾ, 9 ਮਈ (ਕੁਲਭੂਸ਼ਨ ਗਰਗ)** ਥਾਣਾ ਗਿੱਦੜਬਾਹਾ ਪੁਲਿਸ ਨੇ 2 ਵਿਅਕਤੀਆਂ ਨੂੰ 30 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਨ੍ਹਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਹੌਲਦਾਰ ਅਮਨਦੀਪ ਸਿੰਘ ਸਾਥੀ ਕਰਮਚਾਰੀਆਂ ਨਾਲ ਹੁਸਨਰ-ਥਰਾਜਵਾਲਾ ਦੀ ਤਰਫ ਜਾ ਰਹੇ ਹਨ, ਤਾਂ ਸੜਕ ਕਿਨਾਰੇ 2 ਵਿਅਕਤੀ ਹਥ ਵਿਚ ਪਕੜੇ ਇਕ ਲਿਫਾਫੇ ਵਿਚ ਫਿਰੋਲਾ ਫਰਾਲੀ ਕਰਦੇ ਦਿਖਾਈ ਦਿੱਤੇ। ਉਕਤ ਵਿਅਕਤੀ ਪੁਲਿਸ ਪਾਰਟੀ ਨੂੰ ਦੇਖ ਕੇ ਮੌਕਾ ਤੋਂ ਖਿਸਕਣ ਲੱਗੇ, ਜਿੰਨਾਂ ਨੂੰ ਪੁਲਿਸ ਵੱਲੋਂ ਕਰਕੇ ਜਦੋਂ ਉਨ੍ਹਾਂ ਦੇ ਲਿਫਾਫੇ ਦੀ ਤਲਾਸ਼ੀ ਲਈ ਤਾਂ ਉਸ ਵਿਚੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਿਸ ਵੱਲੋਂ ਕਾਬੂ ਕੀਤੇ ਗਏ ਵਿਅਕਤੀਆਂ ਦੀ ਪਹਿਚਾਣ ਜਗਦੀਸ਼ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪਿੰਡ ਹੁਸਨਰ ਅਤੇ ਰਣਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਚਿੱਬੜਾਂਵਾਲੀ ਹਾਲ ਆਬਾਦ ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ ਹੈ। ਪੁਲਿਸ ਨੇ ਉਕਤਾਨ ਖਿਲਾਫ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 3 ਗ੍ਰਾਮ ਹੈਰੋਇਨ ਸਣੇ ਇਕ ਕਾਬੂ, ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ 9 ਮਈ (ਮਾਲਵਾ ਬਾਣੀ)** ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਨੇ 3 ਗ੍ਰਾਮ ਹੈਰੋਇਨ ਬਰਾਮਦ ਕਰਦੇ ਹੋਏ ਇਕ ਵਿਅਕਤੀ ਨੂੰ ਗ੍ਰਿਫਤਾਰ ਕਰ ਉਸ ਵਿਰੁੱਧ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਪਾਰਟੀ ਜਦ ਗਸ਼ਤ ਤੇ ਚੈਕਿੰਗ ਦੇ ਸੰਬੰਧ ਵਿਚ ਆਰੇ ਨਜਦੀਕ ਬਣੇ ਫਾਟਕ ਤੋਂ ਕੁਝ ਪਿੱਛੇ ਸੀ ਤਾਂ ਇਕ ਵਿਅਕਤੀ ਜਾਂਦਾ ਦਿਖਾਈ ਦਿੱਤਾ, ਜੋ ਪੁਲਿਸ ਦੀ ਗੱਡੀ ਵੇਖ ਕੇ ਖੇਤਾਂ ਵੱਖ ਮੁੜ ਪਿਆ, ਜਿਸਨੂੰ ਸ਼ੱਕ ਹੋਣ ਤੇ ਕਾਬੂ ਕਰਕੇ ਉਸਦਾ ਨਾਮ ਪੁੱਛਿਆ ਤਾਂ ਉਸਨੇ ਆਪਣਾ ਨਾਮ ਚੇਤਨ ਕੁਮਾਰ ਉਰਫ਼ ਰਾਹੁਲ ਵਾਸੀ ਸ੍ਰੀ ਮੁਕਤਸਰ ਸਾਹਿਬ ਦੱਸਿਆ। ਜਿਸਦੀ ਤਲਾਸ਼ੀ ਕਰਨ ਤੇ 3 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਉਕਤ ਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਹੈ।

## 30 ਨਸ਼ੀਲੀਆਂ ਗੋਲੀਆਂ ਸਣੇ ਇਕ ਕਾਬੂ, ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ 9 ਮਈ (ਮਾਲਵਾ ਬਾਣੀ)** ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਨੇ 30 ਨਸ਼ੀਲੀਆਂ ਗੋਲੀਆਂ ਬਰਾਮਦ ਕਰਦੇ ਹੋਏ ਇਕ ਵਿਅਕਤੀ ਨੂੰ ਗ੍ਰਿਫਤਾਰ ਕਰ ਉਸ ਵਿਰੁੱਧ ਮਾਮਲਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਪਾਰਟੀ ਗਸ਼ਤ ਤੇ ਚੈਕਿੰਗ ਦੌਰਾਨ ਅਬੋਹਰ ਬਾਈਪਾਸ ਸ੍ਰੀ ਮੁਕਤਸਰ ਸਾਹਿਬ ਤੋਂ ਥੋੜਾ ਪਿੱਛੇ ਸੀ ਤਾਂ ਇਕ ਨੌਜਵਾਨ ਆਉਂਦਾ ਦਿਖਾਈ ਦਿੱਤਾ, ਜਿਸਤੇ ਸ਼ੱਕ ਹੋਣ ਤੇ ਪੁਲਿਸ ਨੇ ਉਸਨੂੰ ਕਾਬੂ ਕਰਕੇ ਉਸਦੀ ਤਲਾਸ਼ੀ ਲਈ ਜਿਸ ਪਾਸੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਉਕਤ ਦੀ ਪਹਿਚਾਣ ਵਿਕਰਮਜੀਤ ਸਿੰਘ ਉਰਫ ਲਾਡੀ ਵਾਸੀ ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ, ਜਿਸਨੂੰ ਗ੍ਰਿਫਤਾਰ ਕਰਕੇ ਮਾਮਲਾ ਦਰਜ ਕਰ ਲਿਆ ਗਿਆ ਹੈ।

## ਗਗਨਦੀਪ ਹੈਡੋਂ ਅਤੇ ਮਨੀ ਲੱਖੋਵਾਲ ਕਤਲ ਮਾਮਲੇ ਵਿਚ ਪੁਲਸ ਵਲੋਂ ਦੋ ਹੋਰ ਦੋਸ਼ੀ ਗ੍ਰਿਫਤਾਰ, ਹੁਣ ਤੱਕ ਕੁੱਲ 10 ਦੀ ਹੋਈ ਗ੍ਰਿ.ਫਤਾਰੀ

**ਮਾਛੀਵਾੜਾ ਸਾਹਿਬ 9 ਮਈ (ਮਾਸਟਰ ਸਤੀਸ਼ ਕੁਮਾਰ)** ਬੀਤੇ ਦਿਨੀ ਮਾਛੀਵਾੜਾ ਸਾਹਿਬ ਤੋਂ ਰਤੀਪੁਰ ਰੋਡ 'ਤੇ ਇੱਕ ਕਾਲੋਨੀ ਵਿਚ ਹੋਈ ਭਿਆਨਕ ਖ਼ੂਨੀ ਝੜਪ ਵਿਚ ਪਿੰਡ ਹੈਡੋਂ ਬੇਟ ਵਾਸੀ ਨੌਜਵਾਨ ਗਗਨਦੀਪ ਸਿੰਘ ਬਿੱਲਾ ਅਤੇ ਲੱਖੋਵਾਲ ਵਾਸੀ ਮਨਪ੍ਰੀਤ ਸਿੰਘ ਮਨੀ ਦੇ ਦੋਹਰੇ ਕਤਲ ਮਾਮਲੇ ਵਿਚ ਪੁਲਸ ਨੇ 2 ਹੋਰ ਮੁਲਜਮਾਂ ਖੁਸ਼ਪ੍ਰੀਤ ਸਿੰਘ ਖੁਸ਼ੀ ਵਾਸੀ ਸਮਰਾਲਾ ਅਤੇ ਅੰਮ੍ਰਿਤਵੀਰ ਸਿੰਘ ਉਰਫ਼ ਅੰਮ੍ਰਿਤ ਵਾਸੀ ਲੱਖੋਵਾਲ ਨੂੰ ਕਾਬੂ ਕਰ ਲਿਆ ਹੈ। ਡੀ.ਐੱਸ.ਪੀ. ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਗਗਨਦੀਪ ਸਿੰਘ ਉਰਫ ਬਿੱਲਾ ਦੀ ਮੌਕੇ ਤੇ ਹੀ ਮੌਤ ਹੋ ਗਈ ਸੀ ਜਦਕਿ ਮਨਪ੍ਰੀਤ ਸਿੰਘ ਮਨੀ ਵੀ ਬੀਤੇ ਕੱਲ੍ਹ ਚੰਡੀਗੜ੍ਹ ਹਸਪਤਾਲ ਵਿਖੇ ਇਲਾਜ ਦੌਰਾਨ ਦਮ ਤੋੜ ਗਿਆ ਸੀ , ਜਿਸ ਦਾ ਅੱਜ ਪਿੰਡ ਲੱਖੋਵਾਲ ਵਿਖੇ ਸੰਸਕਾਰ ਕਰ ਦਿੱਤਾ ਗਿਆ ਹੈ। ਹੁਣ ਇਸ ਮਾਮਲੇ ਵਿੱਚ ਦੋਸ਼ੀਆਂ ਤੇ ਦੋਹਰੇ ਕਤਲ ਦੀ ਕਾਰਵਾਈ ਕੀਤੀ ਜਾ ਰਹੀ ਹੈ ਇਸ ਦੋਹਰੇ ਕਤਲ ਮਾਮਲੇ ਵਿਚ ਪੁਲਸ ਵਲੋਂ 11 ਵਿਅਕਤੀਆਂ ਦੀ ਪਹਿਚਾਣ ਕਰ ਅਤੇ ਬਾਕੀ 10 ਅਣਪਛਾਤਿਆਂ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਮਾਛੀਵਾੜਾ ਪੁਲਸ ਵਲੋਂ ਇਸ ਸਬੰਧੀ 8 ਮੁਲਜਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਜਦਕਿ ਅੱਜ 2 ਹੋਰ ਨੂੰ ਕਾਬੂ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੁਲਸ ਜ਼ਿਲਾ ਖੰਨਾ ਦੇ ਐੱਸ.ਐੱਸ.ਪੀ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਪੁਲਸ ਪਾਰਟੀਆਂ ਲਗਾਤਾਰ ਮੁਲਜਮਾਂ ਦੀ ਗ੍ਰਿ.ਫ਼ਤਾਰੀ ਲਈ ਛਾਪੇਮਾਰੀ ਕਰ ਰਹੀਆਂ ਹਨ ਅਤੇ ਇਸ ਮਾਮਲੇ ਵਿਚ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।




## ਪੰਜਾਬ ਦੇ ਸ.ਫ਼ਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਥਾਂ ਥਾਂ ਤੇ ਲੱਗੇ ਗੰਦਗੀ ਦੇ ਢੇਰ, ਬਿਮਾਰੀਆਂ ਫੈਲਣ ਦਾ ਡਰ

### ਹੜਤਾਲ ਪੰਜਵੇਂ ਦਿਨ ਵਿਚ ਦਾਖਲ

**ਮੋਰਿੰਡਾ 9 ਮਈ (ਜਸਬੀਰ ਸਿੰਘ ਸ਼ਾਂਤਪੁਰੀ)** ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਤੇ ਜ਼ੋਰ ਦੇਣ ਲਈ ਦਿਤੇ ਹੜਤਾਲ ਦੇ ਸੱਦੇ ਤੇ ਸਮੂਚੇ ਪੰਜਾਬ ਦੇ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਅੱਜ ਤੀਜੇ ਦਿਨ ਵੀ ਜਾਰੀ ਰਹੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਉਂਸਪਲ ਸਫ਼ਾਈ ਸੇਵਕ ਇੰਪਲਾਈਜ ਯੂਨੀਅਨ ਮੋਰਿੰਡਾ ਦੇ ਪ੍ਰਧਾਨ ਰਾਮ ਗੋਪਾਲ ਰਾਮਾ ਨੇ ਦੱਸਿਆ ਕਿ ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵਲੋਂ 31 ਦਸੰਬਰ 2011 ਨੂੰ ਦਿਤੀ ਆਪਸ਼ਨ ਅਨੁਸਾਰ ਪੈਨਸ਼ਨ ਲਗਵਾਉਣ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਵਾਉਣ ਦੀ ਮੰਗ ਨੂੰ ਲੈਕੇ 6 ਮਈ ਤੋਂ ਸਮੂਚੇ ਪੰਜਾਬ ਦੇ ਮਿਉਂਸਪਲ ਕਰਮਚਾਰੀ ਹੜਤਾਲ ਤੇ ਚਲ ਰਹੇ ਹਨ। ਇਸੇ ਲੜੀ ਤਹਿਤ ਨਗਰ ਕੌਂਸਲ ਮੋਰਿੰਡਾ ਦੇ ਸਮੂਹ ਸਫ਼ਾਈ ਕਰਮਚਾਰੀ ਪਿਛਲੇ ਤਿੰਨ ਦਿਨਾਂ ਤੋਂ ਹੜਤਾਲ ਤੇ ਬੈਠੇ ਹਨ। ਇਸ ਕਾਰਨ ਸ਼ਹਿਰ ਮੋਰਿੰਡਾ ਅੰਦਰ ਵੱਖ ਵੱਖ ਥਾਵਾਂ ਤੇ ਗੰਦਗੀ ਦੇ ਢੇਰ ਲਗਣੇ ਸ਼ੁਰੂ ਹੋ ਗਏ ਹਨ। ਉਹਨਾਂ ਦੱਸਿਆ ਕਿ ਕਿ ਅੱਜ ਹੜਤਾਲ ਦੇ ਤੀਜੇ ਦਿਨ ਸਫ਼ਾਈ ਕਾਮਿਆਂ ਤੇ ਹੜਤਾਲੀ ਕੈਂਪ ਤੇ ਇਕੱਠੇ ਹੋ ਕੇ ਪੰਜਾਬ ਸਰਕਾਰ ਵਿਰੁੱਧ ਜਮ ਕੇ ਨਾਅਰੇਬਾਜ਼ੀ ਕੀਤੀ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਮੰਗ ਕੀਤੀ। ਯੂਨੀਅਨ ਆਗੂ ਰਾਮ ਕੁਮਾਰ ਨੇ ਦੱਸਿਆ ਕਿ ਪੰਜਾਬ ਤੇ ਰਾਜ ਕਰਦੀ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨਾਲ ਵਾਹ ਦੇ ਕੀਤੇ ਸਨ ਕਿ ਸਮੂਚੇ ਪੰਜਾਬ ਦੇ ਸਾਰੇ ਮੁਲਾਜ਼ਮ ਪੱਕੇ ਕੀਤੇ ਜਾਣਗੇ, ਠੇਕੇਦਾਰੀ ਸਿਸਟਮ ਬੰਦ ਕਰਕੇ ਪੱਕੇ ਮੁਲਾਜ਼ਮ ਭਰਤੀ ਕੀਤੇ ਜਾਣਗੇ। ਪ੍ਰੰਤੂ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਨਾਲ ਕੀਤਾ ਵਾਅਦੇ ਅਨੁਸਾਰ ਨਾ ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਅਤੇ ਨਾ ਪੱਕੇ ਤੌਰ ਤੇ ਨਵੀਂ ਭਰਤੀ ਨੀਤੀ। ਉਹਨਾਂ ਆਖਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਦੇ ਖਜ਼ਾਨੇ ਵਿਚੋਂ ਇਸ਼ਤਿਹਾਰ ਬਾਜ਼ੀ ਤੇ ਅਨੇਕਾਂ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ ਪ੍ਰੰਤੂ ਮੁਲਾਜ਼ਮਾਂ ਨੂੰ ਦੇਣ ਲਈ ਚੁੱਪ ਵੱਟੀ ਹੋਈ ਹੈ। ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਹੜਤਾਲ ਜਾਰੀ ਰਹੇਗੀ। ਇਸ ਮੌਕੇ ਯੂਨੀਅਨ ਦੇ ਮੀਤ ਪ੍ਰਧਾਨ ਗੁਰਜੰਟ ਸਿੰਘ, ਸਾਬਕਾ ਪ੍ਰਧਾਨ ਹਰਦੇਵ ਸਿੰਘ ਜੇਬਾਂ, ਸਕੱਤਰ ਗੁਰਪ੍ਰੀਤ ਸਿੰਘ, ਰੇਖਾ ਰਾਣੀ, ਪਿੰਕੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵਿੰਦਰ ਸਿੰਘ, ਰਵਿੰਦਰ ਸਿੰਘ, ਜਗਜੀਤ ਸਿੰਘ, ਸਤਵੀਰ ਸਿੰਘ, ਦੀਪਕ, ਮੇਜ਼ਰ ਸਿੰਘ, ਮਨਵੀਰ ਸਿੰਘ, ਅਮਨਦੀਪ ਸਿੰਘ,ਨੇਤਰ ਸਿੰਘ, ਕਿਰਨਾਂ ਅਤੇ ਉਸਾ ਰਾਣੀ ਯੂਨੀਅਨ ਆਗੂ ਹਾਜ਼ਰ ਸਨ।




## ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਗਿੱਦੜਬਾਹਾ ਵੱਲੋਂ ਹਲਕਾ ਵਿਧਾਇਕ ਦੇ ਦਫਤਰ ਬਾਹਰ ਧਰਨਾ

**ਗਿੱਦੜਬਾਹਾ, 9 ਮਈ (ਕੁਲਭੂਸ਼ਨ ਗਰਗ)** ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਗਿੱਦੜਬਾਹਾ ਵੱਲੋਂ ਪ੍ਰਧਾਨ ਜਸਵਿੰਦਰ ਕੌਰ ਬੱਬੂ ਦੀ ਅਗਵਾਈ ਵਿੱਚ ਆਪਣੀਆਂ ਹੱਕੀ ਮੰਗਾਂ ਪੰਜਾਬ ਸਰਕਾਰ ਤੋਂ ਮਨਵਾਉਣ ਲਈ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋ ਦੇ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਅਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਉਨਾਂ ਨੇ ਆਪਣਾ ਮੰਗ ਪੱਤਰ ਮੁੱਖ ਮੰਤਰੀ ਦੇ ਨਾਂ ਤੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੂੰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਸਵਿੰਦਰ ਕੌਰ ਬੱਬੂ ਪ੍ਰਧਾਨ ਨੇ ਦੱਸਿਆ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਆਪਣੀਆਂ ਹੱਕੀ ਮੰਗਾਂ ਜੋ ਪਿਛਲੇ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ, ਜਿਨਾਂ ਦਾ ਕੋਈ ਹੱਲ ਸਰਕਾਰ ਨੇ ਨਹੀਂ ਕੀਤਾ। ਇਸ ਦੇ ਰੋਸ ਵਜੋਂ ਹਰੇਕ ਵਿਧਾਇਕ ਦੇ ਘਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਆਮ ਆਦਮੀ ਦੀ ਪਾਰਟੀ ਦੀ ਸਰਕਾਰ ਵੱਲੋਂ ਆਂਗਣਵਾੜੀ ਵਰਕਰ, ਹੈਲਪਰਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਆਉਣ ਤੇ ਉਹਨਾਂ ਦਾ ਮਾਣ ਭੱਤਾ ਦੁੱਗਣਾ ਕਰ ਦਿੱਤਾ ਜਾਵੇਗਾ ਪ੍ਰੰਤੂ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਵੀ ਹਾਲੇ ਤੱਕ ਮਾਣ ਭੱਤਾ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਆਂਗਣਵਾੜੀ ਵਰਕਰਾਂ ਅਤੇ ਹੈਲਪਰ ਸਮਾਰਟ ਫੋਨ ਤੋਂ ਬਿਨਾਂ ਪੋਸ਼ਣ ਟਰੈਕਰ ਐਪ ਤੇ ਕੰਮ ਲਿਆ ਜਾ ਰਿਹਾ ਹੈ। ਇਸ ਲਈ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ, ਮੋਬਾਇਲ ਭੱਤਾ 2000 ਸਾਲਨਾ ਦਿੱਤਾ ਜਾ ਰਿਹਾ ਹੈ ਜੋ ਬਹੁਤ ਹੀ ਘੱਟ ਹੈ, ਉਸ ਵਿੱਚ ਵਾਧਾ ਕੀਤਾ ਜਾਵੇ, ਮਾਵਾਂ ਧੀਆਂ ਸਤਿਕਾਰ ਯੋਜਨਾ ਵਿੱਚ ਆਂਗਣਵਾੜੀ ਵਰਕਰਾਂ ਨੂੰ ਆਪਣੇ ਪਰਸਨਲ ਫੋਨਾਂ ਤੋਂ ਕੰਮ ਕਰਨ ਲਈ ਕਿਹਾ ਜਾ ਰਿਹਾ ਹੈ ਜਿਸ ਦਾ ਜਥੇਬੰਦੀ ਵਿਰੋਧ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਆਂਗਣਵਾੜੀ ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ, ਆਂਗਣਵਾੜੀ ਵਰਕਰਾਂ ਨੂੰ ਕੰਮ ਦੇ ਬਦਲੇ ਪ੍ਰਤੀ ਲਾਭਪਾਤਰੀ 200 ਰੁਪਏ ਅਤੇ ਹੈਲਪਰ ਨੂੰ 100 ਰੁਪਏ ਦਿੱਤੇ ਜਾਣ, ਐਨਜੀਓ ਅਧੀਨ ਚੱਲ ਰਹੇ ਤਿੰਨ ਬਲਾਕ ਬਠਿੰਡਾ, ਤਰਸਿੱਕਾ, ਸਿਧਵਾ ਬੇਟ ਵਾਪਸ ਲੈਣ ਦਾ ਨੋਟੀਫਿਕੇਸ਼ਨ ਹੋ ਚੁੱਕਿਆ ਹੈ, ਉਸ ਨੂੰ ਤੁਰੰਤ ਲਾਗੂ ਕੀਤਾ ਜਾਵੇ। ਤਿੰਨ ਤੋਂ ਛੇ ਸਾਲ ਦੇ ਬੱਚੇ ਆਂਗਣਵਾੜੀ ਕੇਂਦਰ ਵਿੱਚ ਭੇਜੇ ਜਾਣ ਅਤੇ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਇਸ ਮੌਕੇ ਤੇ ਇਕਬਾਲ ਕੌਰ ਕੈਸ਼ੀਅਰ, ਗਗਨਦੀਪ ਕੌਰ ਜਰਨਲ ਸਕੱਤਰ, ਜਸਵੀਰ ਕੌਰ ਭਲਾਈਆਣਾ, ਪਾਲ ਕੌਰ ਭਲਾਈਆਣਾ, ਪਰਮਜੀਤ ਕੌਰ ਸੁਖਪਾਲ ਕੌਰ ਰਾਣੀ, ਵਰਿੰਦਰ ਪਾਲ ਕੌਰ, ਮੀਨਾ ਕੌਰ, ਸਵਿੰਦਰ ਕੌਰ, ਹਰਵਿੰਦਰ ਕੌਰ, ਨਿਰਮਲ ਕੌਰ, ਸੁਰਜੀਤ ਕੌਰ, ਰਮਨਦੀਪ ਕੌਰ, ਹਰਪ੍ਰੀਤ ਕੌਰ, ਹਰਮੇਸ਼ ਕੁਮਾਰ, ਬਲਵਿੰਦਰ ਕੌਰ, ਰਾਜ ਰਾਣੀ ਕੌਰ, ਪਰਮਜੀਤ ਕੌਰ, ਅਮਰਜੀਤ ਕੌਰ, ਪਰਮਜੀਤ ਕੌਰ ਛੱਤੇਆਣਾ, ਆਕਾਸ਼ਦੀਪ ਕੌਰ, ਕਿਰਨਪਾਲ ਕੌਰ, ਕਮਲਪ੍ਰੀਤ ਕੌਰ, ਬਲਵੰਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰ ਅਤੇ ਹੈਲਪਰ ਹਾਜ਼ਰ ਸਨ।



# ਮੁਕਤਸਰ ਸਾਹਿਬ ਵਿੱਚ ਅੱਜ ਲੱਗੇਗਾ ਚਮੜੀ ਰੋਗਾਂ ਤੇ ਪਲਾਸਟਿਕ ਸਰਜਰੀ ਦਾ ਮੁਫ਼ਤ ਮੈਡੀਕਲ ਚੈਕਅੱਪ ਕੈਂਪ

**ਸ੍ਰੀ ਮੁਕਤਸਰ ਸਾਹਿਬ, 09 ਮਈ (ਮਾਲਵਾ ਬਾਣੀ)**- ਆਸ਼ੀਰਵਾਦ ਕਲੱਬ (ਰਜਿ.) ਵੱਲੋਂ ਐਤਵਾਰ, 10 ਮਈ 2026 ਨੂੰ ਚਮੜੀ ਰੋਗਾਂ ਅਤੇ ਪਲਾਸਟਿਕ ਸਰਜਰੀ ਨਾਲ ਸੰਬੰਧਿਤ ਵਿਸ਼ਾਲ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਜਾ ਰਿਹਾ ਹੈ। ਕਲੱਬ ਦੇ ਪ੍ਰੋਜੈਕਟ ਚੇਅਰਮੈਨ ਕਰਨਲ ਸਿੰਘ ਸਰੋਆ ਨੇ ਦੱਸਿਆ ਕਿ ਇਹ ਕੈਂਪ ਸ਼ਿਵਾਲਿਕ



ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ ਵਿਖੇ ਸਵੇਰੇ 9:00 ਵਜੇ ਤੋਂ ਦੁਪਹਿਰ 1:30 ਵਜੇ ਤੱਕ ਚੱਲੇਗਾ।

ਕੈਂਪ ਦੌਰਾਨ ਚਮੜੀ ਰੋਗਾਂ ਦੀ ਮਾਹਿਰ ਡਾ. ਰਵਨੀਤ ਕੌਰ (ਐਮਬੀਬੀਐਸ, ਐਮਡੀ ਸਕਿਨ) ਵੱਲੋਂ ਮੁਹਾਂਸੇ, ਝਾਈਆਂ, ਚਿੱਟੇ ਦਾਗ, ਸੋਰਾਇਸਿਸ ਅਤੇ ਵਾਲਾਂ ਨਾਲ ਸੰਬੰਧਿਤ ਸਮੱਸਿਆਵਾਂ ਨਾਲ ਪੀੜਤ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਇਸਦੇ ਨਾਲ ਹੀ ਪਲਾਸਟਿਕ ਸਰਜਰੀ ਦੇ ਮਾਹਿਰ ਡਾ. ਸਰਬਜੋਤ ਸਿੰਘ (ਐਮਬੀਬੀਐਸ, ਐਮਐਸ, ਐਮ.ਸੀਐਚ ਪਲਾਸਟਿਕ ਸਰਜਰੀ) ਜਨਮ ਤੋਂ ਕੱਟੀਆਂ ਉਂਗਲਾਂ, ਪੁਰਾਣੇ ਟਾਂਕਿਆਂ ਦੇ ਨਿਸ਼ਾਨ ਅਤੇ ਸੜਨ ਤੋਂ ਬਾਅਦ ਆਉਣ ਵਾਲੀਆਂ ਦਿੱਕਤਾਂ ਬਾਰੇ ਸਲਾਹ ਦੇਣਗੇ।

ਖਜ਼ਾਨਚੀ ਅਸ਼ੋਕ ਕੁਮਾਰ (ਪੀਐਸਪੀਸੀਐਲ) ਨੇ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਜਿਨ੍ਹਾਂ ਮਰੀਜ਼ਾਂ ਨੂੰ ਪਲਾਸਟਿਕ ਸਰਜਰੀ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਸਰਜਰੀ 'ਤੇ 30 ਫੀਸਦੀ ਵਿਸ਼ੇਸ਼ ਛੂਟ ਦਿੱਤੀ ਜਾਵੇਗੀ।

ਕਲੱਬ ਦੇ ਪ੍ਰਧਾਨ ਗੁਰਸੇਵਕ ਸਿੰਘ ਭੰਡਾਰੀ ਅਤੇ ਕੋ-ਪ੍ਰੋਜੈਕਟ ਚੇਅਰਮੈਨ ਡਾ. ਕੁਲਬੀਰ ਸਿੰਘ ਬਰਾੜ ਨੇ ਦੱਸਿਆ ਕਿ ਕੈਂਪ ਵਿੱਚ ਆਉਣ ਵਾਲੇ ਲੋਕਾਂ ਲਈ ਚਾਹ-ਪਾਣੀ ਦੀ ਵਿਵਸਥਾ ਵੀ ਕਲੱਬ ਵੱਲੋਂ ਕੀਤੀ ਗਈ ਹੈ।

# ਸਫਾਈ ਮਜ਼ਦੂਰਾਂ ਵੱਲੋਂ ਕੀਤੀ ਹੜਤਾਲ ਦੀ ਹਮਾਇਤ ਵਿੱਚ ਡਟਿਆ ਸ਼੍ਰੋਮਣੀ ਅਕਾਲੀ ਦਲ



**ਸਮਰਾਲਾ 9 ਮਈ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਜਿਵੇਂ ਕਿਹਾ ਜਾਂਦਾ ਹੈ ਕਿ ਕਿਸੇ ਮਜ਼ਦੂਰ ਦੀ ਦਿਹਾੜ੍ਹੀ ਉਸਦਾ ਪਸੀਨਾ ਸੁੱਕਣ ਤੋਂ ਪਹਿਲਾਂ ਦਿੱਤੀ ਜਾਣੀ ਚਾਹੀਦੀ ਹੈ, ਪ੍ਰੰਤੂ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ, ਮਜ਼ਦੂਰਾਂ ਨੂੰ ਅੱਜ ਦੀ ਮਹਿੰਗਾਈ ਦੇ ਹਿਸਾਬ ਨਾਲ ਬਣਦੇ ਹੱਕ ਤਾਂ ਕੀ ਦੇਣੇ ਸਨ, ਸਗੋਂ ਉਨ੍ਹਾਂ ਨੂੰ ਆਪਣੀ ਮਜ਼ਦੂਰੀ ਲੈਣ ਲਈ ਵੀ ਕਈ ਕਈ ਦਿਨ ਇੰਤਜਾਰ ਕਰਨਾ ਪੈਂਦਾ ਹੈ, ਇਨ੍ਹਾਂ ਸ਼ਬਦਾਂ ਦਾ ਪਗ਼ਟਾਵਾ ਪਰਮਜੀਤ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਸ਼ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਅਤੇ ਹਲਕਾ ਇੰਚਾਰਜ ਸਮਰਾਲਾ ਨੇ ਪੂਰੇ ਪੰਜਾਬ ਅੰਦਰ ਚੱਲ ਰਹੀ ਸਫਾਈ ਸੇਵਕਾਂ ਦੀ ਹੜਤਾਲ ਸਬੰਧੀ ਹਾਅ ਦਾ ਨਾਅਰਾ ਮਾਰਦੇ ਹੋਏ ਸਮਰਾਲਾ ਨਗਰ ਕੌਂਸਲ ਅਧੀਨ ਕੰਮ ਕਰਦੇ ਸਫਾਈ ਸੇਵਕਾਂ ਅਤੇ ਹੋਰ ਸਰਕਾਰੀ ਕਰਮਚਾਰੀ ਦੀ ਹੜਤਾਲ ਵਿੱਚ ਖੁਦ ਸ਼ਮੂਲੀਅਤ ਕਰਦੇ ਹੋਏ ਉਨ੍ਹਾਂ ਦੇ ਹੱਕ ਵਿੱਚ ਡਟਣ ਦਾ ਵਾਅਦਾ ਕਰਦੇ ਹੋਏ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਪੰਜਾਬ ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਬਾਦਲ ਸਰਕਾਰ ਹੁੰਦੀ ਸੀ, ਤਾਂ ਉਸ ਵੇਲੇ ਮੁਲਾਜਮਾਂ ਦੀ ਭਰਤੀ ਸਿੱਧੀ ਰੈਗੂਲਰ ਕੀਤੀ ਜਾਂਦੀ ਸੀ ਅਤੇ ਕੋਈ ਠੇਕੇ ਤੇ ਮੁਲਾਜਮ ਭਰਤੀ ਨਹੀਂ ਕੀਤਾ ਜਾਂਦਾ ਸੀ, ਇਸ ਤੋਂ ਇਲਾਵਾ

**ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੌਕੇ ਸਰਕਾਰੀ ਮੁਲਾਜਮਾਂ ਦੀ ਗੱਲ ਪਹਿਲ ਦੇ ਅਧਾਰ ਤੇ ਸੁਣੀ ਜਾਂਦੀ ਸੀ, ਅੱਜ ਸਰਕਾਰ ਦੀ ਮਾੜੀ ਸੋਚ ਕਾਰਨ ਪੂਰੇ ਪੰਜਾਬ ਦੇ ਕਰਮਚਾਰੀ ਹੜਤਾਲ ਉੱਤੇ ਬੈਠੇ ਹਨ- ਪਰਮਜੀਤ ਸਿੰਘ ਢਿੱਲੋਂ**

ਸਾਰੇ ਮੁਲਾਜਮਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਪੈਨਸ਼ਨ ਵੀ ਦਿੱਤੀ ਜਾਂਦੀ ਸੀ। ਅੱਜ ਪੰਜਾਬ ਅੰਦਰ ਸਮੂਹ ਮੁਲਾਜਮ ਚਾਹੇ ਉਹ ਅਧਿਆਪਕ ਹਨ ਜਾਂ ਸਫਾਈ ਸੇਵਕ ਹਨ ਆਪਣੀ ਪੁਰਾਣੀ ਪੈਨਸ਼ਨ ਦੀ ਮੰਗ ਕਰ ਰਹੇ ਹਨ ਅਤੇ ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਲਈ ਧਰਨੇ ਮੁਜਾਹਰੇ ਦਿੱਤੇ ਜਾ ਰਹੇ ਹਨ। ਜਦੋਂ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਸੀ ਤਾਂ ਉਸ ਮੌਕੇ ਲੋਕਾਂ ਨੂੰ ਚੁਟਕਲਿਆਂ ਨਾਲ ਢਿੱਡ ਭਰਨ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਪੰਜਾਬ ਅੰਦਰ ਕੋਈ ਵੀ ਮੁਲਾਜਮ ਕੱਚਾ ਨਹੀਂ ਰਹਿਣ ਦਿੱਤਾ ਜਾਵੇਗਾ ਅਤੇ ਸਾਰੇ ਮੁਲਾਜਮਾਂ ਨੂੰ ਉਨ੍ਹਾਂ ਦਾ ਪਿੱਤਰੀ ਹੱਕ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇਗੀ, ਪ੍ਰੰਤੂ ਹੁਣ ਪੰਜ ਸਾਲ ਬੀਤਣ ਵਾਲੇ ਹਨ, ਇਸ ਪਾਰਟੀ ਨੇ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ। ਜਿਸਦੀ ਵਜਾਹ ਕਰਕੇ ਅੱਜ ਪੰਜਾਬ ਵਿੱਚ ਪੂਰੀ ਤਰ੍ਹਾਂ ਅਸਥਿਰਤਾ ਦਾ ਮਹੌਲ ਬਣਿਆ ਹੋਇਆ ਹੈ, ਪੂਰੇ ਪੰਜਾਬ ਵਿੱਚ ਸਫਾਈ ਸੇਵਕ ਹੜਤਾਲ ਉੱਤੇ ਹਨ, ਬਾਕੀ ਮਹਿਕਮਿਆਂ ਦੇ ਮੁਲਾਜਮ ਵੀ ਰੋਸ ਧਰਨੇ ਦੇ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਸ਼ਰੋਮਣੀ ਅਕਾਲੀ ਦਲ ਅੱਜ ਠੇਕਾ ਮੁਲਾਜਮਾਂ ਅਤੇ ਪੁਰਾਣੀ ਪੈਨਸ਼ਨ ਮੰਗ ਰਹੇ ਕਰਮਚਾਰੀਆਂ ਦੇ ਹੱਕ ਵਿੱਚ ਪੂਰੀ ਤਰ੍ਹਾਂ ਖੜ੍ਹਾ ਹੈ। ਜੇਕਰ ਇਨ੍ਹਾਂ ਮੁਲਾਜਮਾਂ ਨਾਲ ਰਲ ਕੇ ਪੰਜਾਬ ਸਰਕਾਰ ਵਿਰੁੱਧ ਲੰਬਾ ਸੰਘਰਸ਼ ਵੀ ਲੜ੍ਹਨਾ ਪਿਆ ਤਾਂ ਉਹ ਇਨ੍ਹਾਂ ਮੁਲਾਜਮਾਂ ਨਾਲ ਰਲ ਕੇ ਸੰਘਰਸ਼ ਕਰਨਗੇ। ਇਸ ਮੌਕੇ ਹੜਤਾਲ ਤੇ ਬੈਠੇ ਕਰਮਚਾਰੀਆਂ ਨੇ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਵੱਲੋਂ ਉਨ੍ਹਾਂ ਦੀ ਹਮਾਇਤ ਕੀਤੇ ਜਾਣ ਦਾ ਧੰਨਵਾਦ ਕੀਤਾ।

# ਬੇਅਦਬੀ ਵਿਰੋਧੀ ਕਾਨੂੰਨ ਤੋਂ ਸਭ ਤੋਂ ਵੱਧ ਬਾਦਲ ਪਰਿਵਾਰ ਡਰਿਆ ਹੋਇਆ : ਭਗਵੰਤ ਮਾਨ

## 'ਸ਼ੁਕਰਾਨਾ ਯਾਤਰਾ' ਦੌਰਾਨ ਫੱਗੂਵਾਲਾ ਵਿਖੇ ਲੋਕਾਂ ਨੇ ਫੁੱਲਾਂ ਦੀ ਵਰਖਾ ਕਰਕੇ ਕੀਤਾ ਭਰਵਾਂ ਸਵਾਗਤ



**ਭਵਾਨੀਗੜ੍ਹ, 9 ਮਈ (ਰਾਜ ਖੁਰਮੀ)** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਲਈ ਬਣਾਏ ਗਏ ਸਖ਼ਤ ਕਾਨੂੰਨ ਦੇ ਸਮਰਥਨ ਵਿੱਚ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਕੱਢੀ ਜਾ ਰਹੀ 'ਸ਼ੁਕਰਾਨਾ ਯਾਤਰਾ' ਦੌਰਾਨ ਅੱਜ ਪਿੰਡ ਫੱਗੂਵਾਲਾ ਵਿਖੇ ਵੱਡਾ ਇਕੱਠ ਦੇਖਣ ਨੂੰ ਮਿਲਿਆ। ਹਲਕਾ ਸੰਗਰੂਰ, ਦਿੜ੍ਹਬਾ ਅਤੇ ਇਲਾਕੇ ਭਰ ਤੋਂ ਪਹੁੰਚੇ ਲੋਕਾਂ ਨੇ ਮੁੱਖ ਮੰਤਰੀ ਦਾ ਫੁੱਲਾਂ ਦੀ ਵਰਖਾ ਕਰਕੇ ਜੋਸ਼ੀਲਾ ਸਵਾਗਤ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਰੋਧੀਆਂ 'ਤੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਬੇਅਦਬੀ ਵਿਰੋਧੀ ਕਾਨੂੰਨ ਤੋਂ ਸਭ ਤੋਂ ਵੱਧ ਬਾਦਲ ਪਰਿਵਾਰ ਘਬਰਾਇਆ ਹੋਇਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਕਾਨੂੰਨ ਨੂੰ ਰੋਕਣ ਅਤੇ ਕਮਜ਼ੋਰ ਕਰਨ ਲਈ ਵੱਖ-ਵੱਖ ਤਰੀਕੇ ਅਪਣਾਏ ਜਾ ਰਹੇ ਹਨ, ਪਰ ਪੰਜਾਬ ਸਰਕਾਰ ਕਿਸੇ ਵੀ ਕੀਮਤ 'ਤੇ ਬੇਅਦਬੀ ਕਰਨ ਵਾਲਿਆਂ ਨੂੰ ਬਖ਼ਸ਼ੇਗੀ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ ਹਨ ਅਤੇ ਲੋਕਾਂ ਦੇ ਸਮਰਥਨ ਨਾਲ ਵੱਡੀਆਂ ਪਾਰਟੀਆਂ ਦੇ ਆਗੂਆਂ ਦੀਆਂ ਜ਼ਮਾਨਤਾਂ ਜ਼ਬਤ ਕਰਵਾਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬਣਾਏ ਗਏ ਸਖ਼ਤ ਕਾਨੂੰਨ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਐਸੀ ਸਖ਼ਤ ਸਜ਼ਾ ਮਿਲੇਗੀ ਕਿ ਉਨ੍ਹਾਂ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਅਜਿਹਾ ਕਰਨ ਬਾਰੇ ਸੋਚਣ ਤੋਂ ਡਰਨਗੀਆਂ।ਸਮਾਗਮ ਦੌਰਾਨ ਭਗਵੰਤ ਮਾਨ ਨੇ ਆਪਣੇ ਚਿਰ-ਪ੍ਰਚਿਤ ਅੰਦਾਜ਼ ਵਿੱਚ ਕਿੱਕਲੀ ਵੀ ਸੁਣਾਈ ਅਤੇ ਲੋਕਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਦਾ ਸੱਦਾ ਦਿੱਤਾ।ਇਸ ਤੋਂ ਪਹਿਲਾਂ ਹਲਕਾ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਹਲਕਾ ਸੰਗਰੂਰ ਵਿੱਚ ਕਰਵਾਏ ਵਿਕਾਸ ਕਾਰਜਾਂ ਦੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਪੰਜਾਬ ਦੇ ਵਿਕਾਸ ਲਈ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਬਲਾਕ ਸੰਮਤੀ ਦੇ ਚੇਅਰਮੈਨ ਬਲਜਿੰਦਰ ਸਿੰਘ, ਟਰੱਕ ਯੂਨੀਅਨ ਦੇ ਪ੍ਰਧਾਨ ਮਾਲਵਿੰਦਰ ਸਿੰਘ ਮਾਲਾ, ਗੁਰਪ੍ਰੀਤ ਸਿੰਘ ਆਲੋਅਰਖ, ਸਾਬਕਾ ਪ੍ਰਧਾਨ ਪ੍ਰਗਟ ਸਿੰਘ, ਸਾਬਕਾ ਪ੍ਰਧਾਨ ਵਿੱਕੀ ਬਾਜਵਾ, ਸਰਪੰਚ ਗੁਰਪ੍ਰੀਤ ਸਿੰਘ ਫੱਗੂਵਾਲਾ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ।

# ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਇੰਟਰ ਹਾਊਸ ਫੁੱਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸਮਾਪਤ




**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)**-ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਖੇਡ ਮੈਦਾਨ ਵਿੱਚ ਇੰਟਰ-ਹਾਊਸ ਫੁੱਟਬਾਲ ਟੂਰਨਾਮੈਂਟ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਹਾਊਸ ਕੋਆਰਡੀਨੇਟਰ ਸ਼੍ਰੀਮਤੀ ਕਰਮਜੀਤ ਕੌਰ ਦੀ ਅਗਵਾਈ ਹੇਠ, ਸਪੋਰਟਸ ਕੋਆਰਡੀਨੇਟਰ ਸੰਦੀਪ ਕੌਰ ਅਤੇ ਫੁੱਟਬਾਲ ਕੋਚ ਮਿਸਟਰ ਗੁਰਪ੍ਰੀਤ ਸਿੰਘ ਦੀ ਦੇਖ-ਰੇਖ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਮੁਕਾਬਲੇ ਕਰਵਾਏ ਗਏ। ਅੰਡਰ-14 ਵਰਗ ਦੇ ਫਾਈਨਲ ਮੁਕਾਬਲੇ ਵਿੱਚ ਸਤਲੁਜ ਹਾਊਸ ਨੇ ਪਹਿਲਾ ਸਥਾਨ ਹਾਸਲ ਕੀਤਾ।ਮਾਲਵਾ ਹਾਊਸ ਦੀ ਟੀਮ ਦੂਜੇ ਸਥਾਨ 'ਤੇ ਰਹੀ, ਜਦਕਿ ਹਿਮਾਲਿਆ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਵਰਗ ਵਿੱਚ ਹਿਮਾਲਿਆ ਹਾਊਸ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਪਹਿਲਾ ਸਥਾਨ ਹਾਸਲ ਕੀਤਾ। ਮਾਲਵਾ ਹਾਊਸ ਦੂਜੇ ਸਥਾਨ 'ਤੇ ਰਿਹਾ, ਜਦਕਿ ਸਤਲੁਜ ਹਾਊਸ ਨੂੰ ਤੀਜੇ ਸਥਾਨ ਨਾਲ ਸੰਤੋਖ ਕਰਨਾ ਪਿਆ।ਸੀਨੀਅਰ ਵਰਗ ਅੰਡਰ ਦੇ ਮੁਕਾਬਲਿਆਂ ਵਿੱਚ ਹਿਮਾਲਿਆ ਹਾਊਸ ਨੇ ਲਗਾਤਾਰ ਦੂਜੀ ਜਿੱਤ ਦਰਜ ਕਰਦੇ ਹੋਏ ਪਹਿਲਾ ਸਥਾਨ ਆਪਣੇ ਨਾਮ ਕੀਤਾ। ਸ਼ਿਵਾਲਿਕ ਹਾਊਸ ਦੂਜੇ ਅਤੇ ਸਤਲੁਜ ਹਾਊਸ ਤੀਜੇ ਸਥਾਨ 'ਤੇ ਰਹੇ। ਮੈਦਾਨ ਵਿੱਚ ਗੋਲ ਹੋਣ 'ਤੇ ਵਿਦਿਆਰਥੀਆਂ ਦੇ ਜੋਸ਼ ਅਤੇ ਤਾੜੀਆਂ ਨਾਲ ਖੇਡ ਮੈਦਾਨ ਰੌਣਕਮਈ ਬਣਿਆ ਰਿਹਾ। ਸਕੂਲ ਦੇ ਪ੍ਰਿੰਸੀਪਲ ਸ਼ਸ਼ੀ ਕਾਂਤ ਅਤੇ ਸੀਨੀਅਰ ਕੋਆਰਡੀਨੇਟਰ ਰੰਜੀਵ ਸ਼ਰਮਾ ਨੇ ਜੇਤੂ ਟੀਮਾਂ ਨੂੰ ਤਗਮੇ ਅਤੇ ਸਰਟੀਫਿਕੇਟ ਤਕਸੀਮ ਕੀਤੇ। ਆਪਣੇ ਸੰਬੋਧਨ 'ਚ ਪ੍ਰਿੰਸੀਪਲ ਸ਼ਸ਼ੀ ਕਾਂਤ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ। ਸਾਰੇ ਖਿਡਾਰੀਆਂ ਨੇ ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਸ਼ਾਨਦਾਰ ਮਿਸਾਲ ਪੇਸ਼ ਕੀਤੀ ਹੈ। ਸਪੋਰਟਸ ਕੋਆਰਡੀਨੇਟਰ ਮਿਸ ਸੰਦੀਪ ਕੌਰ ਅਤੇ ਕੋਚ ਮਿਸਟਰ ਗੁਰਪ੍ਰੀਤ ਸਿੰਘ ਨੇ ਸਾਰੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਹਾਊਸ ਕੋਆਰਡੀਨੇਟਰ ਕਰਮਜੀਤ ਕੌਰ ਨੇ ਸਫਲ ਆਯੋਜਨ ਲਈ ਸਮੂਹ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਵਿਖੇ ਹੋਇਆ ਵਿਦਾਇਗੀ ਸਮਾਰੋਹ




**ਰਾਮਪੁਰਾ ਫੂਲ ,09 ਮਈ (ਮਨਪ੍ਰੀਤ ਮਿੰਟੂ)** ਸੇਂਟ ਜ਼ੇਵੀਅਰਜ ਸਕੂਲ ਰਾਮਪੁਰਾ ਫੂਲ ਵਿਖੇ ਮੈਨੇਜਰ ਫਾਦਰ ਆਂਦਰੇ ਫਰਨਾਂਡਿਜ,ਕੋਆਰਡੀਨੇਟਰ ਮੈਡਮ ਪ੍ਰੇਮ ਲਤਾ,ਮੈਡਮ ਅੰਜੂ ਬਾਲਾ ਦੀ ਅਗਵਾਈ ਹੇਠ ਵਿਦਾਇਗੀ ਸਮਾਰੋਹ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਜਣ ਕਰਕੇ ਕੀਤੀ ਗਈ। ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੀ ਮਨਮੋਹਕ ਅਵਾਜ਼ ਵਿੱਚ ਗੀਤ ਗਾ ਕੇ ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਦਾ ਨਿੱਘਾ ਸਵਾਗਤ ਕੀਤਾ।ਪ੍ਰੋਗਰਾਮ ਨੂੰ ਅੱਗੇ ਵਧਾਉਂਦੇ ਹੋਏ ਸਕੂਲ ਦੇ ਵਿਦਿਆਰਥੀਆਂ ਨੇ ਵੈਸਟਰਨ ਡਾਂਸ ਕੀਤਾ।ਪੰਜਾਬੀ ਸੱਭਿਆਚਾਰ ਦਾ ਅਹਿਮ ਅੰਗ ਭੰਗੜਾ ਪੇਸ਼ ਕਰਕੇ ਵਿਦਿਆਰਥੀਆਂ ਨੇ ਪੰਡਾਲ ਵਿੱਚ ਬੈਠੇ ਹੋਏ ਦਰਸ਼ਕਾਂ ਨੂੰ ਤਾੜੀਆਂ ਮਾਰਨ ਲਈ ਮਜ਼ਬੂਰ ਕਰ ਦਿੱਤਾ।ਸਕੂਲ ਦੇ ਸੀਨੀਅਰ ਵਿਦਿਆਰਥੀਆਂ ਵੱਲੋਂ ਫਾਦਰ ਯੂਲਾਲੀਓ ਫਰਨਾਂਡਿਜ ਦੇ ਕੀਤੇ ਹੋਏ ਵਿਲੱਖਣ ਕੰਮਾਂ ਨੂੰ ਨਾਟਕ ਰਾਹੀਂ ਪੇਸ਼ ਕੀਤਾ। ਮੈਨੇਜਰ ਫਾਦਰ ਆਂਦਰੇ ਫਰਨਾਂਡਿਜ ਨੇ ਆਪਣੇ ਭਾਵਕ ਭਾਸ਼ਣ ਵਿੱਚ ਫਾਦਰ ਯੂਲਾਲੀਓ ਫਰਨਾਂਡਿਜ ਦੀ ਸਾਦਗੀ, ਨਿਮਰਤਾ ਤੇ ਦਿਆਲਤਾ ਬਾਰੇ ਦੱਸਦਿਆਂ ਉਨ੍ਹਾਂ ਦੀ ਅਗਵਾਈ ਵਿੱਚ ਹਰ ਸਾਲ ਸਕੂਲ ਦਾ ਨਤੀਜਾ ਸੌ ਪ੍ਰਤੀਸ਼ਤ ਆਉਣ ਤੇ ਜਿਲ੍ਹੇ ਵਿੱਚੋਂ ਪਹਿਲੇ ਸਥਾਨ ਉੱਤੇ ਆਉਣ ਲਈ ਧੰਨਵਾਦ ਕੀਤਾ। ਫਾਦਰ ਮੈਥਾਅਇਸ ਨੇ ਆਪਣੇ ਭਾਸ਼ਣ ਵਿੱਚ ਸਕੂਲ ਦੀ ਤਰੱਕੀ ਵਿੱਚ ਫਾਦਰ ਯੂਲਾਲੀਓ ਫਰਨਾਂਡਿਜ ਦੇ ਯੋਗਦਾਨ ਤੇ ਅਣਥੱਕ ਮਿਹਨਤ ਦੀ ਪ੍ਰਸੰਸਾ ਕੀਤੀ । ਪ੍ਰਿੰਸੀਪਲ ਫਾਦਰ ਯੂਲਾਲੀਓ ਫਰਨਾਂਡਿਜ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਆਪਣੇ ਮਾਤਾ-ਪਿਤਾ ਤੇ ਵੱਡਿਆਂ ਦਾ ਸਤਿਕਾਰ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਕੇ ਹਰ ਸਾਲ ਦੀ ਤਰ੍ਹਾਂ ਬੋਰਡ ਦੇ ਇਮਤਿਹਾਨਾਂ ਵਿੱਚ ਜਿਲ੍ਹੇ ਪੱਧਰ ਤੇ ਪੁਜੀਸ਼ਨਾਂ ਬਰਕਰਾਰ ਰੱਖਣ ਲਈ ਪ੍ਰੇਰਿਆ। ਸਕੂਲ ਦੇ ਹੈੱਡ ਬੁਆਏ ਪ੍ਰਭਨੂਰ ਸਿੰਘ ਨੇ ਫਾਦਰ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਦਾ ਵਾਅਦਾ ਕੀਤਾ। ਸਕੂਲ ਦੇ ਸਾਰੇ ਸਟਾਫ਼ ਨੇ ਫਾਦਰ ਯੂਲਾਲੀਓ ਫਰਨਾਂਡਿਜ ਦੀਆਂ ਸਿੱਖਿਆਵਾਂ ਤੇ ਚੱਲਣ ਦਾ ਵਾਅਦਾ ਕਰਦੇ ਹੋਏ ਸਕੂਲ ਦੀ ਬਿਹਤਰੀ ਲਈ ਕੰਮ ਕਰਨ ਦਾ ਭਰੋਸਾ ਦਿੱਤਾ। ਸਕੂਲ ਮੈਨੇਜਮੈਂਟ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਰਿਫਰੈਸਮੈਂਟ ਦਿੱਤੀ।

# ਸਿੱਧੂ ਮੱਛੀ ਫਾਰਮ ਤੇ ਪੰਜਾਬੀ ਫਿਲਮ 'ਚੜ੍ਹਦੀ ਕਲਾ' ਦੀ ਟੀਮ ਦਾ ਜ਼ੋਰਦਾਰ ਸਵਾਗਤ, ਟੀਮ ਨੇ ਕਿਹਾ ਕਿ ਕੁਦਰਤ ਦਾ ਸੱਚਾ ਆਸ਼ਕ ਹੈ ਰਾਜਵੀਰ ਸਿੱਧੂ



**ਰਾਮਪੁਰਾ ਫੂਲ,9 ਮਈ (ਮਨਪ੍ਰੀਤ ਮਿੰਟੂ)** 29 ਮਈ ਨੂੰ ਪੰਜਾਬੀ ਸਿਨੇਮੇ ਵਿਚ ਜਾਰੀ ਹੋਣ ਜਾ ਰਹੀ ਪੰਜਾਬੀ ਫਿਲਮ 'ਚੜ੍ਹਦੀ ਕਲਾ' ਦੀ ਟੀਮ ਦਾ ਸਿੱਧੂ ਮੱਛੀ ਫਾਰਮ ਮਹਿਰਾਜ ਵਿਖੇ, ਸਮਾਜ ਸੇਵੀ ਅਤੇ ਰਾਜਸੀ ਆਗੂ ਰਾਜਵੀਰ ਸਿੰਘ ਸਿੱਧੂ ਦੀ ਅਗਵਾਈ ਵਿਚ ਸਿੱਧੂ ਪਰਿਵਾਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਗੱਲ ਕਰਦਿਆਂ ਫਿਲਮ ਦੇ ਹੀਰੋ ਐਮੀ ਵਿਰਕ, ਹਿੰਮਤ ਸੰਧੂ ਅਤੇ ਆਦਾਕਾਰਾ ਰੂਪੀ ਗਿੱਲ ਨੇ ਕਿਹਾ ਕਿ ਇਹ ਫਿਲਮ ਬਾਕਮਾਲ ਹੈ, ਜਿਸ ਦੀ ਪ੍ਰਮੋਸ਼ਨ ਲਈ ਅੱਜ ਅਸੀਂ ਦਰਜ਼ਨ ਦੇ ਕਰੀਬ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਇਸ ਫਿਲਮ ਬਾਰੇ ਦੱਸਿਆ। ਉਹਨਾਂ ਦੱਸਿਆ ਕਿ ਜਿੱਥੇ ਵੱਖ ਵੱਖ ਪਿੰਡਾਂ ਦੇ ਲੋਕਾਂ ਨੂੰ ਸਾਨੂੰ ਜੋ ਪਿਆਰ ਸਤਿਕਾਰ ਦਿੱਤਾ ਗਿਆ ਉਸਨੂੰ ਸ਼ਬਦਾਂ ਵਿਚ ਬਿਆਨ ਨਹੀਂ ਕੀਤਾ ਜਾ ਸਕਦਾ। ਮਹਿਰਾਜ ਦੇ ਸਿੱਧੂ ਫਾਰਮ ਦੀ ਹਰਿਆਲੀ ਨੂੰ ਵੇਖ ਕੇ ਫਿਲਮ ਦੀ ਸਾਰੀ ਹੀ ਟੀਮ ਨੇ ਰਾਜਵੀਰ ਸਿੰਘ ਸਿੱਧੂ ਦੀ ਸਿਫ਼ਤ ਕਰਦਿਆਂ ਕਿਹਾ ਕਿ ਇਹੋ ਜਿਹਾ ਮਾਹੌਲ ਬਹੁਤ ਹੀ ਘੱਟ ਪਿੰਡਾਂ ਵਿਚ ਵੇਖਣ ਨੂੰ ਮਿਲਦਾ ਹੈ। ਐਮੀ ਵਿਰਕ, ਹਿੰਮਤ ਸੰਧੂ,ਰੂਪੀ ਗਿੱਲ ਅਤੇ ਗਾਇਕ ਸੰਦੀਪ ਬਰਾੜ ਨੇ ਕਿਹਾ ਕਿ ਜੋ ਕੁਦਰਤ ਦਾ ਸਹੀ ਵਰਤਾਰਾ ਸਾਨੂੰ ਇਸ ਫਾਰਮ ਹਾਊਸ ਤੇ ਵੇਖਣ ਨੂੰ ਮਿਲਿਆ ਹੈ ਉਹ ਹੋਰ ਕਿਤੇ ਵੀ ਵੇਖਣ ਨੂੰ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਅੱਜ ਸਾਡੇ ਪੰਜਾਬ ਨੂੰ ਇਹੋ ਜਿਹੇ ਵਾਤਾਵਰਣ ਦੀ ਲੋੜ ਹੈ, ਜਿਥੇ ਚਿੜੀਆਂ ਦੀ ਚੂੰ ਚੂੰ, ਘੁੱਗੀਆਂ ਦੀ ਘੂੰ ਘੂੰ ਅਤੇ ਪੈਲਾਂ ਪਾਉਂਦੇ ਮੋਰਾਂ ਦੀਆਂ ਆਵਾਜ਼ਾਂ ਸੁਣਨ ਨੂੰ ਮਿਲਦੀਆਂ ਹਨ। ਇਹ ਹੀ ਅਸਲੀ ਪੰਜਾਬ ਦੀ ਨਿਸ਼ਾਨੀ ਹੈ। ਉਨ੍ਹਾਂ ਰਾਜਵੀਰ ਸਿੱਧੂ ਨੂੰ ਵਾਤਾਵਰਣ ਦਾ ਸੱਚਾ ਆਸ਼ਕ ਦੱਸਦਿਆਂ ਕਿਹਾ ਕਿ ਰਾਜਾ ਸਿੱਧੂ ਵੱਲੋਂ ਸਿਰਜਿਆਂ ਇਹ ਫਾਰਮ ਸਹੀ ਮਾਅਨਿਆਂ ਵਿਚ ਕੁਦਰਤ ਨੂੰ ਸਮਰਪਿਤ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਲਖਬੀਰ ਸਿੰਘ ਲੱਖਾ ਮਹਿਰਾਜ ਨੇ ਸਾਰੀ ਫਿਲਮ ਟੀਮ ਅਤੇ ਸਾਰੇ ਹਾਜ਼ਰ ਪਿੰਡ ਵਾਸੀਆਂ ਅਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਇਸ ਮੌਕੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਫਿਲਮ ਦੀ ਟੀਮ ਤੇ ਮੈਂਬਰ ਅਤੇ ਪ੍ਰਸ਼ੰਸਕ ਹਾਜ਼ਰ ਸਨ।

# ਯੂ.ਐਨ.ਓ. ਤਹਿਤ ਅਮਰੀਕਾ ਦੀ ਪ੍ਰਸਿੱਧ ਯੂਨੀਵਰਸਿਟੀ ਵੱਲੋਂ ਸੁੱਖੀ ਬਾਠ ਨੂੰ ਅਗਲੇ ਸਾਲ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ ਕਰਨ ਦਾ ਐਲਾਨ




**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)**-ਪੰਜਾਬੀ ਮਾਂ ਬੋਲੀ, ਸਾਹਿਤ ਅਤੇ ਸੱਭਿਆਚਾਰ ਨੂੰ ਵਿਸ਼ਵ ਪੱਧਰ 'ਤੇ ਪ੍ਰਫੁੱਲਤ ਕਰਨ ਲਈ ਸਮਰਪਿਤ ਸੰਸਥਾ ਪੰਜਾਬ ਭਵਨ ਸਰੀ ਕੈਨੇਡਾ ਅਤੇ ਇਸ ਦੇ ਸੰਸਥਾਪਕ ਸਤਿਕਾਰਯੋਗ ਸੁੱਖੀ ਬਾਠ ਵੱਲੋਂ ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਤਹਿਤ ਕੈਬਰਿਜ਼ ਸਕੂਲ ਫਗਵਾੜਾ ਵਿੱਚ ਇੱਕ ਵਿਸ਼ਾਲ ਸਾਹਿਤਕ ਕਾਨਫਰੰਸ ਕਰਵਾਈ ਗਈ। ਸੀਨੀਅਰ ਸਹਿ ਪ੍ਰੋਜੈਕਟ ਇੰਚਾਰਜ਼ ਗੁਰਵਿੰਦਰ ਸਿੰਘ ਕਾਂਗੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਮਾਗਮ ਵਿੱਚ ਪੰਜਾਬ ਅਤੇ ਦੇਸ਼ ਦੇ ਵੱਖ-ਵੱਖ ਖੇਤਰਾਂ ਤੋਂ ਆਏ ਨੰਨੇ-ਮੁੰਨੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਦੀਆਂ ਕਵਿਤਾਵਾਂ, ਕਹਾਣੀਆਂ ਅਤੇ ਲੇਖ ਵੱਖ-ਵੱਖ ਕਿਤਾਬਾਂ ਵਿੱਚ ਪ੍ਰਕਾਸ਼ਿਤ ਹੋਏ ਹਨ। ਇਸ ਮੌਕੇ ਬਤੌਰ ਮੁੱਖ ਮਹਿਮਾਨ ਪਹੁੰਚੇ ਡਾ. ਪਰਵਿੰਦਰ ਸਿੰਘ, ਪ੍ਰੈਜੀਡੈਂਟ ਵਰਲਡ ਬੁੱਧਿਸਟ ਫੈਡਰੇਸ਼ਨ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਨੌਜਵਾਨ ਪੀੜ੍ਹੀ ਮੋਬਾਈਲ ਅਤੇ ਪੱਛਮੀ ਸੱਭਿਆਚਾਰ ਵੱਲ ਵਧ ਰਹੀ ਹੈ, ਉੱਥੇ ਸੁੱਖੀ ਬਾਠ ਵਰਗੀਆਂ ਸ਼ਖਸੀਅਤਾਂ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ, ਸਾਹਿਤ ਅਤੇ ਸੱਭਿਆਚਾਰ ਨਾਲ ਜੋੜਨ ਲਈ ਇਤਿਹਾਸਕ ਯਤਨ ਕਰ ਰਹੀਆਂ ਹਨ। ਉਨ੍ਹਾਂ ਭਾਵੁਕ ਸ਼ਬਦਾਂ ਵਿੱਚ ਕਿਹਾ, ਧੰਨ ਹੈ ਉਹ ਮਾਂ ਜਿਸ ਨੇ ਸੁੱਖੀ ਬਾਠ ਵਰਗੇ ਪੁੱਤਰ ਨੂੰ ਜਨਮ ਦਿੱਤਾ, ਜੋ ਅੱਜ ਪੰਜਾਬੀ ਮਾਂ ਬੋਲੀ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾਉਣ ਲਈ ਨਿਸ਼ਕਾਮ ਸੇਵਾ ਕਰ ਰਹੇ ਹਨ। ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਨਵੀਆਂ ਕਲਮਾਂ ਨਵੀਂ ਉਡਾਣ÷ ਪ੍ਰੋਜੈਕਟ ਸਿਰਫ ਪੰਜਾਬ ਤੱਕ ਸੀਮਿਤ ਨਹੀਂ ਰਿਹਾ, ਸਗੋਂ ਰਾਜਸਥਾਨ, ਹਰਿਆਣਾ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਤੋਂ ਲੈ ਕੇ ਅਮਰੀਕਾ, ਕੈਨੇਡਾ ਇੰਗਲੈਂਡ, ਆਸਟਰੇਲੀਆ, ਇਟਲੀ ਅਤੇ ਹੋਰ ਕਈ ਦੇਸ਼ਾਂ ਵਿੱਚ ਵੀ ਪੰਜਾਬੀ ਭਾਸ਼ਾ ਅਤੇ ਸਾਹਿਤ ਦੀ ਜੋਤ ਜਗਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁੱਖੀ ਬਾਠ ਇੱਕ ਅਜਿਹੀ ਵਿਲੱਖਣ ਸ਼ਖਸੀਅਤ ਹਨ, ਜਿਨ੍ਹਾਂ ਨੇ ਵਿਸ਼ਵ ਪੱਧਰ 'ਤੇ ਪੰਜਾਬੀ ਮਾਂ ਬੋਲੀ ਦਾ ਸਿਰ ਮਾਣ ਨਾਲ ਉੱਚਾ ਕੀਤਾ ਹੈ। ਨੰਨੇ ਬੱਚਿਆਂ ਨੂੰ ਲਿਖਣ, ਸੋਚਣ ਅਤੇ ਸਾਹਿਤ ਰਚਨਾ ਵੱਲ ਪ੍ਰੇਰਿਤ ਕਰਨਾ ਕੋਈ ਆਮ ਗੱਲ ਨਹੀਂ, ਸਗੋਂ ਇਹ ਇੱਕ ਮਹਾਨ ਸਮਾਜਿਕ ਅਤੇ ਸੱਭਿਆਚਾਰਕ ਇਨਕਲਾਬ ਹੈ। ਇਸ ਮੌਕੇ ਡਾ. ਪਰਵਿੰਦਰ ਸਿੰਘ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਯੂ.ਐਨ.ਓ. ਤਹਿਤ ਅਮਰੀਕਾ ਦੀ ਇੱਕ ਪ੍ਰਸਿੱਧ ਯੂਨੀਵਰਸਿਟੀ ਵੱਲੋਂ ਸੁੱਖੀ ਬਾਠ ਨੂੰ ਅਗਲੇ ਸਾਲ ਡਾਕਟਰੇਟ ਦੀ ਡਿਗਰੀ ਨਾਲ ਸਨਮਾਨਿਤ ਕੀਤਾ ਜਾਵੇਗਾ। ਇਹ ਸਨਮਾਨ ਪੰਜਾਬੀ ਭਾਸ਼ਾ, ਬਾਲ ਸਾਹਿਤ ਅਤੇ ਵਿਸ਼ਵ ਪੱਧਰ 'ਤੇ ਕੀਤੀ ਜਾ ਰਹੀ ਸੇਵਾ ਲਈ ਦਿੱਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੁੱਖੀ ਬਾਠ ਅਤੇ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਚਲਾਇਆ ਜਾ ਰਿਹਾ ਇਹ ਉਪਰਾਲਾ ਇੰਨਾ ਵਿਸ਼ਾਲ ਤੇ ਪ੍ਰੇਰਨਾਦਾਇਕ ਹੈ। ਕਿ ਇਸ ਸੰਸਥਾ ਦਾ ਨਾਮ ਲਿਮਕਾ ਬੁੱਕ ਆਫ ਰਿਕਾਰਡਸ ਵਿੱਚ ਦਰਜ ਹੋਣਾ ਚਾਹੀਦਾ ਹੈ। ਸਮਾਗਮ ਦੌਰਾਨ ਬੱਚਿਆਂ ਨੇ ਆਪਣੀਆਂ ਕਵਿਤਾਵਾਂ, ਕਹਾਣੀਆਂ ਅਤੇ ਸਾਹਿਤਕ ਰਚਨਾਵਾਂ ਰਾਹੀਂ ਸਭ ਦਾ ਮਨ ਮੋਹ ਲਿਆ। ਮਾਪਿਆਂ ਅਤੇ ਹਾਜ਼ਰੀਨ ਨੇ ਵੀ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰਜੈਕਟ ਆਉਣ ਵਾਲੀ ਪੀੜ੍ਹੀ ਨੂੰ ਆਪਣੀ ਮਾਂ ਬੋਲੀ, ਵਿਰਸੇ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਅੰਤ ਵਿੱਚ ਸੁੱਖੀ ਬਾਠ ਨੇ ਸਾਰੇ ਮਹਿਮਾਨਾਂ, ਅਧਿਆਪਕਾਂ, ਮਾਪਿਆਂ ਅਤੇ ਬੱਚਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਮਕਸਦ ਸਿਰਫ ਕਿਤਾਬਾਂ ਛਪਵਾਉਣਾ ਨਹੀਂ, ਸਗੋਂ ਹਰ ਬੱਚੇ ਦੇ ਅੰਦਰ ਲੁਕੇ ਲੇਖਕ, ਕਵੀ ਅਤੇ ਚਿੰਤਕ ਨੂੰ ਦੁਨੀਆ ਸਾਹਮਣੇ ਲਿਆਉਣਾ ਹੈ, ਤਾਂ ਜੋ ਪੰਜਾਬੀ ਮਾਂ ਬੋਲੀ ਦੀ ਮਹਿਕ ਸਦੀਵਾਂ ਦੁਨੀਆ ਵਿੱਚ ਫੈਲਦੀ ਰਹੇ। ਇਸ ਮੌਕੇ ਉਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ, ਗੁਰਵਿੰਦਰ ਸਿੰਘ ਕਾਂਗੜ ਸੀਨੀਅਰ ਸਹਿ ਪ੍ਰੋਜੈਕਟ ਇੰਚਾਰਜ, ਅੰਮ੍ਰਿਤਪਾਲ ਸਿੰਘ ਕੈਨੇਡਾ, ਅਸ਼ੋਕ ਮਹਿਰਾ ਇੰਟਰਨੈਸ਼ਨਲ ਕੋਆਰਡੀਨੇਟਰ ਮਿਸ਼ਨ ਹਨੇਰੇ ਤੋਂ ਚਾਨਣ ਤੱਕ, ਸੁਖਵਿੰਦਰ ਸਿੰਘ ਫੁੱਲ ਇੰਚਾਰਜ ਅਜੀਤ ਉੱਪ ਦਫ਼ਤਰ ਸੰਗਰੂਰ, ਸਤੀਸ਼ ਜੌੜਾ ਸਲਾਹਕਾਰ ਪੰਜਾਬ ਭਵਨ ਸਰੀ ਕੈਨੇਡਾ, ਡਾ. ਦਰਸਨ ਸਿੰਘ ਆਸ਼ਟ ਬਾਲ ਸ਼੍ਰੋਮਣੀ ਸਹਿਤਕਾਰ , ਬਲਜੀਤ ਸ਼ਰਮਾ ਪ੍ਰੋਜੈਕਟ ਖਜਾਨਚੀ, ਬਲਜੀਤ ਸਿੰਘ ਸੇਖਾ ਜ਼ਿਲ੍ਹਾ ਪ੍ਰਧਾਨ ਮੋਗਾ, ਅਵਤਾਰ ਸਿੰਘ ਚੋਟੀਆਂ ਜ਼ਿਲ੍ਹਾ ਪ੍ਰਧਾਨ ਸੰਗਰੂਰ, ਮਾ. ਲਖਵਿੰਦਰ ਸਿੰਘ ਜਿਲ੍ਹਾ ਪ੍ਰਧਾਨ ਮਾਲੇਰਕੋਟਲਾ, ਭੀਮ ਸਿੰਘ ਸਟੇਟ ਕੋਆਰਡੀਨੇਟਰ, ਡਾ. ਸਤਿੰਦਰ ਕੌਰ ਕਾਹਲੋਂ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਸਸੀ ਬਾਲਾ, ਡਾ. ਅਮਰ ਜੋਤੀ ਮਾਂਗਟ ਫਿਰੋਜ਼ਪੁਰ, ਸਾਹਿਬਾ ਜੀਟਨ ਕੌਰ ਫ਼ਗਵਾੜਾ, ਸੁਖਪਾਲ ਸਿੰਘ ਸਿੱਧੂ ਬਠਿੰਡਾ, ਗਗਨਦੀਪ ਗੁਰਦਾਸਪੁਰ, ਕੁਲਦੀਪ ਸਿੰਘ ਦੌਧਰ, ਰਸਵਿੰਦਰ ਕੌਰ ਪਟਿਆਲਾ, ਸਰਬਜੀਤ ਕੌਰ ਬਠਿੰਡਾ, ਡਾ. ਸੁਖਪਾਲ ਕੌਰ ਸਮਰਾਲਾ ਆਦਿ ਹਾਜਿਰ ਸਨ।

# ਬਾਬਾ ਭਾਈ ਰੂਪ ਚੰਦ ਜੀ ਦਾ ਜਨਮ ਦਿਹਾੜਾ ਸਰੀ ਵਿਖੇ ਸੰਗਤਾਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)**-ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਨਿੰਨ ਸੇਵਕ ਅਤੇ ਸਿੱਖ ਧਰਮ ਦੇ ਮਹਾਨ ਪ੍ਰਚਾਰਕ ਬਾਬਾ ਭਾਈ ਰੂਪ ਚੰਦ ਜੀ ਦਾ ਜਨਮ ਦਿਹਾੜਾ ਸਰੀ ਦੇ ਗੁਰਦੁਆਰਾ ਸਾਹਿਬ ਦਸਮੇਸ਼ ਦਰਬਾਰ ਵਿਖੇ ਸੰਗਤਾਂ ਵੱਲੋਂ ਭਾਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਨਗਰ ਭਾਈ ਰੂਪਾ ਅਤੇ ਨੇੜਲੇ ਪਿੰਡਾਂ ਦੀਆਂ ਸੰਗਤਾਂ ਵਲੋਂ ਮਿਲ ਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਬੂਟਾ ਸਿੰਘ ਜੰਡੂ (ਭਾਈ ਰੂਪਾ) ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੇ ਤਿੰਨੇ ਦਿਨ ਸੰਗਤਾਂ ਨੇ ਲੰਗਰਾਂ ਦੀਆਂ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾਇਆ। ਸਰੀ ਦੇ ਨਾਲ ਲਗਦੇ ਸਹਿਰਾਂ ਜਿਵੇਂ ਐਬਸਫੋਟ ਕਲੋਨਾ ਐਲਡਗਰੋ ਤੋਂ ਵੀ ਪਰਿਵਾਰ ਪਹੁੰਚੇ। ਐਬਸਫੋਰਟ ਤੋਂ ਸੰਧੂ ਪਰਿਵਾਰ ਜਿੰਨਾਂ ਵਿੱਚ ਸਿਮਰਜੀਤ ਸਿੰਘ ਸੰਧੂ, ਜੱਗਾ ਸਿੰਘ ਸੰਧੂ, ਨਾਇਬ ਸਿੰਘ ਸੰਧੂ, ਜੋਗੀਆ ਦਾ ਵਿਜੇ ਸਿੰਘ ਮੰਡੇਰ, ਵਿਕੀ ਸੰਧੂ, ਕਲੋਨੇ ਤੋਂ ਗੁਰਚਰਨ ਸਿੰਘ ਭਈਕੇ ਪਰਿਵਾਰ ਸਮੇਤ ਪਹੁੰਚੇ। ਸਟੂਡੈਂਟ ਬੱਚਿਆਂ ਨੇ ਵੀ ਸਮਾਂ ਕੱਢ ਕੇ ਸੇਵਾ ਵਿਚ ਹਿੱਸਾ ਪਾਇਆ। ਬਾਬਾ ਭਾਈ ਰੂਪ ਚੰਦ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧਕਾਂ ਨੇ ਵੀ ਤਿੰਨੇ ਦਿਨ ਤਨ ਮਨ ਨਾਲ ਸੇਵਾਵਾਂ ਨਿਭਾਈਆਂ। ਜਿਨ੍ਹਾਂ ਵਿੱਚ ਗੁਰਵਿੰਦਰ ਸਿੰਘ ਭਾਈਕਾ, ਯਾਦਵਿੰਦਰ ਸਿੰਘ ਭਾਈਕਾ, ਨਮਦੀਪ ਸਿੰਘ ਭਾਈਕਾ, ਧੰਨਪਰੀਤ ਸਿੰਘ ਭਈਕਾ, ਤਜਿੰਦਰ ਸਿੰਘ ਜੰਡੂ, ਜਸਵਿੰਦਰ ਸਿੰਘ ਜੰਡੂ, ਲਵਪ੍ਰੀਤ ਸਿੰਘ ਜੰਡੂ, ਸੰਦੀਪ ਸਿੰਘ ਭਈਕਾ। ਗੁਰਦੁਆਰਾ ਸਾਹਿਬ ਦੀ ਕਮੇਟੀ ਵਲੋਂ ਪਿੰਡ ਭਾਈ ਰੂਪਾ ਦੀ ਸੰਗਤ ਦਾ ਧੰਨਵਾਦ ਕੀਤਾ ਗਿਆ। ਗੁਰਦੁਆਰਾ ਸਾਹਿਬ ਦੀ ਮਰਿਆਦਾ ਮੁਤਾਬਿਕ ਪਿੰਡ ਦੀ ਸੰਗਤ ਨੂੰ ਸਤਿਕਾਰ ਵਜੋਂ ਸਿਰੋਪਾਉ ਦਿੱਤਾ ਗਿਆ। ਜੋ ਕਿ ਸੰਗਤ ਸਹਿਮਤੀ ਦੇ ਨਾਲ ਭਿੰਦਰ ਸਿੰਘ ਸੂਚ ਨੂੰ ਦਿੱਤਾ ਗਿਆ ਜੋ ਰੱਥ ਸਾਹਿਬ ਅਤੇ ਮੋਹੜੀ ਸਾਹਿਬ ਦੇ ਬਹੁਤ ਸਰਧਾਲੂ ਨੇ। ਉਹ ਇਥੇ ਸਰੀ ਵਿਚ ਵੀ ਹਰ ਸਮਾਗਮ ਵਿੱਚ ਵਧ ਚੜ੍ਹ ਕੇ ਹਿਸਾ ਪਾਉਦੇ ਹਨ। ਭੋਗ ਉਪਰੰਤ ਕਥਾ ਵਾਚਕ ਅਤੇ ਢਾਡੀ ਜਥਿਆਂ ਨੇ ਬਾਬਾ ਭਾਈ ਰੂਪ ਚੰਦ ਜੀ ਦਾ ਇਤਿਹਾਸ ਸੰਗਤਾਂ ਨੂੰ ਸਣਾਇਆ। ਅਖੀਰ ਵਿੱਚ ਗੁਰਦੁਆਰਾ ਸਾਹਿਬ ਦੀ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

## ਮਾਂ
(ਗ਼ਜ਼ਲ)

ਮਾਂ ਦੀ ਦੁਆ ਤੋਂ ਵੱਡੀ ਨਾ ਕੋਈ ਦਵਾ ਹੁੰਦੀ ਹੈ
ਹਰ ਰੋਗ, ਹਰ ਇੱਕ ਜ਼ਖ਼ਮ ਦੀ ਉਹ ਹੀ ਸ਼ਿਫ਼ਾ ਹੁੰਦੀ ਹੈ
ਜਦ ਧੁੱਪ ਸਿਰ ਤੋਂ ਲੰਘ ਕੇ ਰੂਹਾਂ ਤਕ ਪਹੁੰਚ ਜਾਵੇ
ਮਾਂ ਦੀ ਹੀ ਯਾਦ ਤਪਦੀਆਂ ਰਾਹਾਂ 'ਚ ਛਾਂ ਹੁੰਦੀ ਹੈ
ਬੱਚਾ ਕਿਸੇ ਵੀ ਉਮਰ ਦਾ ਹੋਵੇ, ਕਿਸੇ ਵੀ ਸ਼ਹਿਰ
ਮਾਂ ਲਈ ਤਾਂ ਉਸ ਦੀ ਤਕਲੀਫ਼ ਸਜ਼ਾ ਹੁੰਦੀ ਹੈ
ਸੱਜਣ, ਵਫ਼ਾਵਾਂ, ਰਿਸ਼ਤੇ, ਦੁਨੀਆ ਦੇ ਸਭ ਕਾਇਦੇ
ਮਾਂ ਦੀ ਮੁਹੱਬਤ ਸਭ ਤੋਂ ਹੀ ਜੁਦਾ ਹੁੰਦੀ ਹੈ
ਮਸਜਿਦ ਅਜ਼ਾਨ, ਮੰਦਰਾਂ ਵਿੱਚ ਘੰਟੀਆਂ ਦੀ ਧੁਨ
ਮਾਂ ਦੀ ਸਦਾ ਵਿੱਚ ਸ਼ਾਮਿਲ ਹਰ ਇੱਕ ਦੁਆ ਹੁੰਦੀ ਹੈ
ਪੈਰਾਂ ਦੇ ਹੇਠ ਜੰਨਤਾਂ ਦਾ ਜ਼ਿਕਰ ਇਉਂ ਹੀ ਨਹੀਂ
ਧਰਤੀ 'ਤੇ ਮਾਂ ਹੀ ਰੱਬ ਦੀ ਮਰਜ਼ੀ, ਰਜ਼ਾ ਹੁੰਦੀ ਹੈ
ਦੁਨੀਆ ਦੀਆਂ ਸਭ ਜੰਗਾਂ, ਸਭ ਜਿੱਤਾਂ ਅਧੂਰੀਆਂ
ਜਦ ਘਰ 'ਚ ਬੈਠੀ ਮਾਂ ਦੀ ਅੱਖ ਖ਼ਫ਼ਾ ਹੁੰਦੀ ਹੈ
ਮਾਂ ਮਰ ਕੇ ਵੀ ਨਹੀਂ ਮਰਦੀ ਹੈ ਅਸਲ ਦੇ ਵਿੱਚ
ਔਲਾਦ ਦੇ ਸਾਹਾਂ ਵਿੱਚ ਉਹ ਬਣ ਕੇ ਹਵਾ ਹੁੰਦੀ ਹੈ



ਗ਼ਜ਼ਲਗੋ: ਗੁਰਪ੍ਰੀਤ ਸਿੰਘ ਬਿਲਿੰਗ
ਮੋਬਾਇਲ: 75086-98066

# ਸ਼੍ਰੋਮਣੀ ਅਕਾਲੀ ਦਲ ਨੇ ਨਗਰ ਕੌਂਸਲ ਚੋਣਾਂ ਦਾ ਵਜਾਇਆ ਬਿਗਲ, ਵਾਰਡ ਨੰਬਰ 1 ਦੀ ਜ਼ਿੰਮੇਵਾਰੀ ਕੁਲਜੀਤ ਕੌਰ ਨੂੰ ਸੰਭਾਲੀ

### ਵਾਰਡ ਨੰਬਰ 1 ਵਿੱਚ ਅਨੇਕਾਂ ਹੀ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਵਿੱਚ ਹੋਏ ਸ਼ਾਮਲ

**ਸਮਰਾਲਾ 9 ਮਈ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਸਮਰਾਲਾ ਸ਼ਹਿਰ ਜੋ ਪਿਛਲੇ ਕਈ ਸਾਲਾਂ ਤੋਂ ਵਿਕਾਸ ਪੱਖੋਂ ਕਾਫੀ ਪਿੱਛੇ ਜਾ ਚੁੱਕਾ ਹੈ, ਇਸ ਮੁੜ ਵਿਕਾਸ ਦੀਆਂ ਲੀਹਾਂ ਤੇ ਲਿਜਾਣ ਲਈ ਸ਼ਰੋਮਣੀ ਅਕਾਲੀ ਦਲ ਸਮਰਾਲਾ ਸ਼ਹਿਰ ਦੇ ਆਮ ਲੋਕ ਜੋ ਸਮਾਜ ਸੇਵਾ ਦਾ ਜਜਬਾ ਰੱਖਦੇ ਹਨ ਨੂੰ ਖੁੱਲਾ ਸੱਦਾ ਦਿੰਦੇ ਹੋਏ 'ਆਪਣਾ ਸ਼ਹਿਰ, ਤੁਹਾਡਾ ਸਾਥ, ਸਭ ਦਾ ਵਿਕਾਸ' ਦੇ ਸਲੋਗਨ ਹੇਠ ਆ ਰਹੀਆਂ ਨਗਰ ਕੌਂਸਲ ਚੋਣਾਂ ਲੜਨ ਦਾ ਐਲਾਨ ਕੀਤਾ ਹੋਇਆ ਹੈ। ਨਗਰ ਕੌਂਸਲ ਸਮਰਾਲਾ ਦੀਆਂ ਚੋਣਾਂ ਮੁੱਖ ਰੱਖਦੇ ਹੋਏ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਸ਼ਰੋਮਣੀ ਅਕਾਲੀ ਦਲ ਨੇ ਸਾਰੀਆਂ ਸੀਟਾਂ ਤੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ, ਜਿਸਦੀ ਸ਼ੁਰੂਆਤ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਵਾਰਡ ਨੰਬਰ 1 ਵਿੱਚ ਵਾਰਡ ਦੇ ਵਸਨੀਕਾਂ ਦੀਂ ਭਰਵੀ ਇਕੱਤਰਤਾ ਕੀਤੀ ਗਈ ਅਤੇ ਜਿਸ ਵਿੱਚ ਕਈ ਨੌਜਵਾਨ ਸ਼ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।



ਇਸ ਮੌਕੇ ਪਰਮਜੀਤ ਸਿੰਘ ਢਿੱਲੋਂ ਨੇ ਵਾਰਡ ਦੇ ਵਸਨੀਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਮਰਾਲਾ ਸ਼ਹਿਰ ਜੋ ਪੰਜਾਬ ਦੀ ਸਭ ਤੋਂ ਪੁਰਾਣੀ ਤਹਿਸੀਲ ਹੈ, ਜਦੋਂ ਕਿ ਇਸਨੂੰ ਅੱਜ ਦੇ ਸਮੇਂ ਵਿੱਚ ਜ਼ਿਲ੍ਹਾ ਹੋਣਾ ਚਾਹੀਦਾ ਸੀ, ਪ੍ਰੰਤੂ ਸਮਰਾਲਾ ਨੂੰ ਮਿਲੇ ਨੁਮਾਇੰਦਿਆਂ ਦੀ ਸੌੜੀ ਸੋਚ ਕਾਰਨ ਨਾ ਤਹਿਸੀਲ ਦਾ ਵਿਸਥਾਰ ਹੋਇਆ ਨਾ ਸਮਰਾਲਾ ਸ਼ਹਿਰ ਦਾ ਵਿਕਾਸ ਹੋਇਆ। ਜਿਸ ਕਾਰਨ ਸਮਰਾਲਾ ਸ਼ਹਿਰ ਨਿਵਾਸੀਆਂ ਨੂੰ ਵੀ ਅਹਿਸਾਸ ਹੋ ਚੁੱਕਾ ਹੈ, ਜੋ ਗਲਤੀ 2022 ਦੀਆਂ ਵਿਧਾਨ ਸਭਾ ਚੋਣਾਂ ਆਮ ਆਦਮੀ ਪਾਰਟੀ ਦੀ ਸਰਕਾਰ ਚੁਣ ਕੇ ਕੀਤੀ ਹੈ , ਉਸਨੂੰ ਨਹੀਂ ਦੁਹਰਾਉਣਗੇ। ਹੁਣ ਸਮਰਾਲਾ ਸ਼ਹਿਰ ਨਿਵਾਸੀ ਵੀ ਸ਼ਰੋਮਣੀ ਅਕਾਲੀ ਦਲ ਨਾਲ ਆਪ ਮੁਹਾਰੇ ਜੁੜਨ ਲੱਗੇ ਹਨ। ਅੱਜ ਵਾਰਡ ਨੰਬਰ 1 ਤੋਂ ਵਾਰਡ ਦੀ ਪੂਰੀ ਜਿੰਮੇਵਾਰੀ ਕੁਲਜੀਤ ਕੌਰ ਪਤਨੀ ਅਰਸ਼ਦੀਪ ਸਿੰਘ ਰਾਏ ਨੂੰ ਸੌਂਪੀ ਗਈ ਹੈ, ਜੋ ਵਾਰਡ ਦੇ ਲੋਕਾਂ ਦੀਆਂ ਮੁਸ਼ਕਿਲਾਂ ਅਤੇ ਦੁੱਖ ਤਕਲੀਫਾਂ ਨੂੰ ਹੱਲ ਕਰਨਗੇ ਅਤੇ ਵੱਡੀਆਂ ਮੁਸ਼ਕਿਲਾਂ ਸਾਡੇ ਧਿਆਨ ਵਿੱਚ ਲਿਆਉਣਗੇ। ਇਸ ਮੌਕੇ ਸ਼ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਕਈ ਨੌਜਵਾਨ ਜਿਨ੍ਹਾਂ ਵਿੱਚ ਸੁਰੇਸ਼ ਕੁਮਾਰ, ਟੋਨੀ, ਰਾਮਦੀਪ ਸਿੰਘ, ਇੰਦਰਪ੍ਰੀਤ ਸਿੰਘ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸਨੀ ਬੈਂਸ, ਇਆਨ ਬੈਂਸ, ਰਾਮ ਬੈਂਸ, ਜਤਿੰਦਰ ਗਿੱਲ, ਰੋਹਿਤ ਬੈਂਸ, ਵਿਨੋਦ ਬੈਂਸ, ਸ਼ਿਵ ਬੈਂਸ, ਸ਼ਿਆਮ ਲਾਲ ਬੈਂਸ ਅਕਾਲੀ ਦਲ ਵਿੱਚ ਸ਼ਾਮਲ ਹੋਏ। ਇਸ ਮੌਕੇ ਕਮਲਜੀਤ ਕੌਰ ਨੇ ਹਲਕਾ ਇੰਚਾਰਜ ਪਰਮਜੀਤ ਸਿੰਘ ਢਿੱਲੋਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਵਾਰਡ ਨੰਬਰ 1 ਦੀ ਸਾਰੀ ਜਿੰਮੇਵਾਰੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਵਾਰਡ ਨੂੰ ਇੱਕ ਵਧੀਆ ਵਾਰਡ ਬਣਾਉਣ ਦਾ ਪੂਰਾ ਯਤਨ ਕਰਨਗੇ। ਇਸ ਮੌਕੇ ਜਸਮੇਲ ਸਿੰਘ ਬੌਂਦਲੀ, ਭੁਪਿੰਦਰ ਸਿੰਘ ਢਿੱਲੋਂ, ਡਾ. ਪਰਵਿੰਦਰ ਸਿੰਘ ਬੱਲੀ, ਸੁਰਿੰਦਰ ਸਿੰਘ ਬਿੱਟੂ ਬੇਦੀ, ਰਣਜੀਤ ਸਿੰਘ ਸਾਬਕਾ ਐਮ. ਸੀ., ਅਰਸ਼ਦੀਪ ਸਿੰਘ ਰਾਏ, ਜੱਸੀ ਟੇਲਰ, ਕਮਲ ਢਿੱਲੋਂ, ਸ਼ੰਕਰ ਕਲਿਆਣ, ਮਲਕੀਤ ਸਿੰਘ, ਕੁਲਦੀਪ ਕੁਮਾਰ ਮੁਨੀਮ, ਪ੍ਰਿਤਪਾਲ ਸਿੰਘ ਰਾਜੂ ਬਾਬਾ, ਪਰਮਜੀਤ ਕੌਰ ਕੰਗ, ਪ੍ਰਕਾਸ਼ ਕੌਰ, ਸੁਰਿੰਦਰ ਕੌਰ ਕੌਫੀ, ਕੁਲਜੀਤ ਕੌਰ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਅਤੇ ਇਸਤਰੀ ਵਿੰਗ ਦੀਆਂ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

### ਮਾਮਲਾ ਕਾਲਜ ਪ੍ਰਸ਼ਾਸਨ ਦੀ ਮਨਜ਼ੂਰੀ ਤੋਂ ਬਿਨਾਂ ਕੁੜੀਆਂ ਦੇ ਕਾਲਜ ਵਿੱਚੋਂ ਸੜਕ ਕੱਢਣ ਦਾ

# ਏ ਆਈ ਐਸ ਐਫ ਦੀ ਅਗਵਾਈ 'ਚ ਡਾਇਰੈਕਟਰ ਉੱਚ ਸਿੱਖਿਆ ਨੂੰ ਵਫ਼ਦ ਮਿਲਿਆ, ਦਿੱਤਾ ਮੰਗ ਪੱਤਰ

### ਸੰਘਰਸ਼ ਨਾਲ ਮਿਲੀ ਕੁੜੀਆਂ ਦੇ ਕਾਲਜ ਦੀ ਮਾਨਤਾ ਨੂੰ ਬਚਾਉਣ ਲਈ ਵੱਡੇ ਸੰਘਰਸ਼ ਨੂੰ ਤਿਆਰ ਏ ਆਈ ਐਸ ਐਫ: ਛਾਂਗਾ ਰਾਏ, ਸੰਜਨਾ ਢਾਬਾਂ

**ਜਲਾਲਾਬਾਦ 9 ਮਈ (ਗਗਨ ਵਾਟਸ)** ਸਥਾਨਕ ਸਰਕਾਰੀ ਲੜਕੀਆਂ ਦੇ ਕਾਲਜ ਦੀ ਖੇਡ ਗਰਾਊਂਡ ਵਾਲੀ ਜਗਾ ਵਿੱਚੋਂ ਨਜਾਇਜ਼ ਤੌਰ 'ਤੇ ਧੱਕੇ ਨਾਲ ਰਸਤਾ ਕੱਢਣ ਨੂੰ ਲੈ ਕੇ ਭਾਵੇਂ ਕਾਲਜ ਪ੍ਰਸ਼ਾਸਨ ਵੱਲੋਂ ਕਾਲਜ ਦੀ ਜ਼ਮੀਨ ਦੇਣ ਤੋਂ ਸਿੱਧਾ ਜਵਾਬ ਦਿੱਤਾ ਜਾ ਚੁੱਕਿਆ ਹੈ, ਇਸ ਦੇ ਬਾਵਜੂਦ ਸੱਤਾ ਧਿਰ ਦੇ ਆਗੂਆਂ ਦੇ ਦਬਾਅ ਹੇਠ ਪ੍ਰਸ਼ਾਸਨ ਰਸਤਾ ਕਢਵਾਉਣ ਲਈ ਅੜਿਆ ਹੋਇਆ ਹੈ। ਇਸ ਦੇ ਸਬੰਧ ਵਿੱਚ ਅੱਜ ਵਿਸ਼ੇਸ਼ ਤੌਰ ਤੇ ਇਸ ਕਾਲਜ ਦਾ ਨਿਰਖਣ ਕਰਨ ਪਹੁੰਚੇ ਡਾਇਰੈਕਟਰ ਹਰਸ਼ਵਿੰਦਰ ਸਿੰਘ ਬਰਾੜ, ਉੱਚ ਸਿੱਖਿਆ ਪੰਜਾਬ ਨੂੰ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਮੰਗ ਪੱਤਰ ਸੌਂਪਿਆ ਗਿਆ। ਕਾਲਜ ਦੀ ਅਸਥਾਈ ਮਾਨਤਾ ਨੂੰ ਬਚਾਉਣ ਦੇ ਲਈ ਵਫ਼ਦ ਵੱਲੋਂ ਡਾਇਰੈਕਟਰ ਉੱਚ ਸਿੱਖਿਆ ਨੂੰ ਕਾਲਜ ਦੇ ਵਿਦਿਆਰਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਵਾਉਂਦਿਆਂ ਗੱਲਬਾਤ ਕੀਤੀ ਗਈ। ਏ ਆਈ ਐਸ ਐਫ ਨੇ ਸਰਕਾਰੀ ਕਾਲਜ ਲੜਕੀਆਂ ਨੂੰ ਸਥਾਈ ਮਾਨਤਾ ਦਿਵਾਉਣ ਉੱਤੇ ਖ਼ਾਸ ਧਿਆਨ ਦਿਵਾਉਂਦਿਆਂ ਜਾਣੂ ਕਰਵਾਇਆ ਗਿਆ ਕਿ ਜਿਲ੍ਹਾ ਫਾਜ਼ਿਲਕਾ ਵਿੱਚ ਇੱਕੋ ਇੱਕ ਸਰਕਾਰੀ ਲਕੜੀਆਂ ਦਾ ਕਾਲਜ ਹੈ । ਮੰਗ ਪੱਤਰ ਦੀਆਂ ਮੁੱਖ ਮੰਗਾਂ ਜਿਹਨਾਂ ਵਿੱਚ ਸਰਕਾਰੀ ਕਾਲਜ ਲੜਕੀਆਂ ਜਲਾਲਾਬਾਦ ਨੂੰ ਸਥਾਈ ਮਾਨਤਾ ਦਿੱਤੀ ਜਾਵੇ। ਸਰਕਾਰੀ ਕਾਲਜ ਵਿੱਚ ਸਾਰੇ ਗਰੁੱਪ ( ਕਮਰਸ ਮੈਡੀਕਲ ਨੌਨ ਮੈਡੀਕਲ ਅਤੇ ਪੋਸਟ ਗ੍ਰੈਜੂਏਸ਼ਨ) ਦੀ ਪੜ੍ਹਾਈ ਸ਼ੁਰੂ ਕਰਵਾਈ ਜਾਵੇ। ਕਾਲਜ ਦੀ ਬਿਲਡਿੰਗ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਚਲਾਏ ਜਾ ਰਹੇ ਦਫਤਰਾਂ ਨੂੰ ਤੁਰੰਤ ਖਾਲੀ ਕਰਕੇ ਉਹਨਾਂ ਵਿੱਚ ਕਲਾਸਾਂ ਲਗਾਉਣ ਦਾ ਪ੍ਰਬੰਧ ਕੀਤਾ ਜਾਵੇ।ਕਾਲਜ ਦੀ ਜ਼ਮੀਨ ਵਿੱਚੋਂ ਨਜਾਇਜ਼ ਤੌਰ ਤੇ ਕੋਈ ਵੀ ਰਸਤਾ ਕੱਢਣ ਦੀ ਇਜਾਜ਼ਤ ਨਾ ਦਿੱਤੀ ਜਾਵੇ। ਲੜਕੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਕਾਲਜ ਦੀ ਬਣੀ ਚਾਰ ਦੀਵਾਰੀ ਨੂੰ ਕਾਲਜ ਦੇ ਪ੍ਰਸ਼ਾਸਨ ਦੀ ਮਨਜ਼ੂਰੀ ਤੋਂ ਬਿਨਾਂ ਢਾਹੁਣ, ਕਬਜ਼ਾ ਕਰਨ ਅਤੇ ਥਾਂ ਬਦਲੀ ਕਰਨ ਵਾਲੇ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਖਿਲਾਫ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਏਆਈਐਸਐਫ ਦੇ ਸੂਬਾ ਖਜਾਨਚੀ ਸੰਜਨਾ ਢਾਬਾਂ, ਸਰਬ ਭਾਰਤ ਨੌਜਵਾਨ ਸਭਾ ਦੇ ਐਡਵੋਕੇਟ ਚਰਨਜੀਤ ਛਾਂਗਾ ਰਾਏ, ਬਲਾਕ ਜਲਾਲਾਬਾਦ ਮੀਤ ਪ੍ਰਧਾਨ ਸੋਨਾ ਧੁੰਨਕੀਆਂ, ਸਤੀਸ਼ ਛੱਪੜੀਵਾਲਾ ਸੰਦੀਪ ਜੋਧਾ, ਧਰਮਿੰਦਰ ਮੁਰਕਵਾਲਾ ਤੋਂ ਇਲਾਵਾ ਹੋਰ ਵੀ ਮਜ਼ੂਦ ਸਨ।



# ਬੀ.ਸੀ ਕਮਿਸ਼ਨ ਦੇ ਚੇਅਰਮੈਨ ਡਾ: ਮਲਕੀਤ ਥਿੰਦ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

### ਪੱਛੜੀਆਂ ਸ਼੍ਰੇਣੀਆਂ ਨੂੰ ਬਣਦਾ ਲਾਭ ਦੇਣ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਖਿਲਾਫ ਹੋਵੇਗੀ ਸਖਤ ਕਾਰਵਾਈ



**ਮਮਦੋਟ, 9 ਮਈ (ਗੁਰਪ੍ਰੀਤ ਸਿੰਘ ਸੰਧੂ)** ਪੱਛੜੀਆਂ ਸ਼ਰੇਣੀਆਂ ਵਿੱਚ ਆਉਦੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਮਿਲ ਰਹੀਆਂ ਸਹੂਲਤਾਂ ਦੇਣ ਵਿੱਚ ਕੁਤਾਹੀ ਕਰਨ ਵਾਲੇ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਲਾਭਪਾਤਰੀਆਂ ਨੂੰ ਉਹਨਾਂ ਦਾ ਬਣਦਾ ਹੱਕ ਮਿਲ ਸਕੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡਾ: ਮਲਕੀਤ ਥਿੰਦ ਚੇਅਰਮੈਨ ਬੀ.ਸੀ ਕਮਿਸ਼ਨ ਪੰਜਾਬ ਨੇ ਮਮਦੋਟ ਬੀ.ਡੀ.ਪੀ.ਓ ਦਫਤਰ ਵਿਖੇ ਰੱਖੀ ਗਈ ਮੀਟਿੰਗ ਦੌਰਾਨ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਸਬੰਧਿਤ ਅਧਿਕਾਰੀਆਂ ਨੂੰ ਸਖਤ ਸ਼ਬਦਾ ਵਿੱਚ ਕਿਹਾ ਕਿ ਪਬਲਿਕ ਦੇ ਕਿਸੇ ਕੰਮ ਵਿੱਚ ਕੁਤਾਹੀ ਮਨਜੂਰ ਨਹੀਂ ਕੀਤੀ ਜਾਵੇਗੀ ।ਉਹਨਾਂ ਕਿਹਾ ਕਿ ਬੀ.ਸੀ ਦਾ ਆਮਦਨ ਸਰਟੀਫਿਕੇਟ ਜਾਰੀ ਕਰਨ ਸਬੰਧੀ ਬਹੁਤ ਸਾਰੇ ਅਧਿਕਾਰੀਆਂ ਨੂੰ ਕਾਨੂੰਨ ਦੀ ਜਾਣਕਾਰੀ ਨਾਂ ਹੋਣ ਕਾਰਨ ਲਾਭਪਾਤਰੀਆਂ ਨੂੰ ਉਹਨਾਂ ਦੇ ਬਣਦੇ ਹੱਕਾਂ ਦਾ ਲਾਭ ਨਹੀਂ ਮਿਲਦਾ। ਉਹਨਾਂ ਸਬੰਧਿਤ ਅਧਿਕਾਰੀਆਂ ਨੂੰ ਕਿਹਾ ਕਿ ਇਸ ਸਬੰਧੀ ਉਹਨਾਂ ਦੇ ਦਫਤਰ ਤੋਂ ਸਰਕੂਲਰ ਦੀ ਕਾਪੀ ਲੈ ਸਕਦੇ ਹਨ ਤਾਂ ਕਿ ਯੋਗ ਲਾਭਪਾਤਰੀਆਂ ਨੂੰ ਉਹਨਾਂ ਦਾ ਬਣਦਾ ਲਾਭ ਮਿਲ ਸਕੇ । ਦਫਤਰਾਂ ਵਿੱਚ ਕੰਮ ਨਾਂ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀਆਂ ਮਿਲ ਰਹੀਆਂ ਸ਼ਿਕਾਇਤਾਂ ਸਬੰਧੀ ਉਹਨਾਂ ਕਿਹਾ ਕਿ ਕੁਤਾਹੀ ਕਰਨ ਵਾਲਿਆਂ ਨੂੰ ਨੋਟਿਸ ਕੱਢੇ ਗਏ ਹਨ ਅਤੇ ਕਾਰਵਾਈ ਕੀਤੀ ਜਾ ਰਹੀ ਹੈ। ਇਸ ਮੌਕੇ ਬਲਰਾਜ ਸਿੰਘ ਸੰਧੂ ਚੇਅਰਮੈਨ, ਆਪ ਆਗੂ ਨਿਰਵੈਰ ਸਿੰਘ ਸਿੰਧੀ, ਥਾਣਾ ਮੁਖੀ ਹਰਿੰਦਰ ਸਿੰਘ ਚੰਬੇਲੀ, ਬੀ ਡੀ ਪੀ ਓ ਵਿਪਨ ਕੁਮਾਰ, ਜਸਵਿੰਦਰ ਸਿੰਘ ਬੀ ਪੀ ਓ ਮਮਦੋਟ, ਜਸਵੰਤ ਸਿੰਘ ਥਿੰਦ, ਜਸਬੀਰ ਸਿੰਘ ਕੰਬੋਜ, ਮੋੜਾ ਸਿੰਘ ਕੜਮਾਂ, ਮਲਕੀਤ ਸਿੰਘ ਸਰਪੰਚ ਸਦਰਦੀਨ, ਗੁਰਮਨ ਸਿੰਘ ਸਰਪੰਚ ਟਿੱਬੀ ਖੁਰਦ, ਬਲਕਾਰ ਸਿੰਘ ਸਰਪੰਚ ਜੋਧਪੁਰ, ਰਣਜੀਤ ਸਿੰਘ ਆੜਤੀ, ਹਰਜਿੰਦਰ ਸਿੰਧੀ, ਅਮਨ ਕੰਬੋਜ ਆਦਿ ਵੀ ਹਾਜਰ ਸਨ।

# ਸੇਂਟ ਸੋਲਜਰ ਪਬਲਿਕ ਸਕੂਲ ਢਪਾਲੀ ਵਿਖੇ ਮਾਂ ਦਿਵਸ ਉਤਸ਼ਾਹ ਨਾਲ ਮਨਾਇਆ



**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)-** ਸੇਂਟ ਸੋਲਜਰ ਪਬਲਿਕ ਸਕੂਲ ਢਪਾਲੀ ਵਿਖੇ ਪ੍ਰਿੰਸੀਪਲ ਸੁਰਜੀਤ ਸਿੰਘ ਬਾਵਾ ਅਤੇ ਮੈਡਮ ਕਿਰਨਦੀਪ ਕੌਰ ਦੀ ਅਗਵਾਈ ਦੇਖ ਰੇਖ 'ਚ ਸਾਰੇ ਵਿਦਿਅਰਥੀਆਂ ਵਲੋਂ ਮਦਰ ਡੇ ਦਾ ਦਿਨ ਮਨਾਇਆ ਗਿਆ। ਜੇਹਲਮ ਹਾਊਸ ਦੇ ਇੰਚਾਰਜ ਮੈਡਮ ਸੋਨਾ ਗੁਪਤਾ ਨੇ ਵਿਦਿਆਰਥੀਆਂ ਨੂੰ ਮਦਰ ਡੇ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਕਿਵੇਂ ਅੰਨਾ ਰੀਵਜ ਨੇ 1908 ਵਿੱਚ ਇਹ ਦਿਨ ਮਨਾਉਣ ਦੀ ਸ਼ੁਰੂਆਤ ਕੀਤੀ। ਪ੍ਰੋਗਰਾਮ ਦੌਰਾਨ ਵਿਦਿਅਰਥੀਆਂ ਨੇ ਗੀਤ, ਲੈਕਚਰ, ਸ਼ੇਅਰੋ ਸਾਇਰੀ ਤੇ ਨੁੱਕੜ ਨਾਟਕ ਰਾਹੀਂ ਮਾਂ ਦੇ ਪਿਆਰ ਤੇ ਤਿਆਗ ਨੂੰ ਸਮਰਪਿਤ ਵੱਖ ਵੱਖ ਪੇਸ਼ਕਾਰੀਆਂ ਕੀਤੀਆਂ। ਮਾਂ ਦੇ ਪਿਆਰ ਨੂੰ ਦਰਸਾਉਂਦੇ ਗੀਤ ਤੇ ਸੁੰਦਰ ਕਵਿਤਾਵਾਂ ਨੇ ਸੱਭ ਨੂੰ ਭਾਵੁਕ ਕੀਤਾ। ਇਸ ਮੌਕੇ ਮੈਡਮ ਰੂਬੀ ਦੀ ਨਿਰਦੇਸ਼ਨਾਂ ਚ ਤਿਆਰ ਮੈਟ੍ਰਿਕ ਦੀਆਂ ਲੜਕੀਆਂ ਵੱਲੋਂ ਪੇਸ਼ ਕੀਤਾ ਸੰਗੀਤਕ ਨਾਟਕ ਵਿਸੇਸ਼ ਖਿੱਚ ਦਾ ਕੇਂਦਰ ਰਿਹਾ। ਜਿਸ ਦੀ ਸਾਰੇ ਅਧਿਆਪਕਾਂ ਤੇ ਦਰਸ਼ਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਅੱਠਵੀਂ ਦੀ ਸਹਿਜਪ੍ਰੀਤ ਕੌਰ ਦਾ ਰੋਲ ਸਭ ਤੋਂ ਵੱਧ ਪ੍ਰਭਾਵਸ਼ਾਲੀ ਰਿਹਾ। ਫ਼ਸਟ ਕਲਾਸ ਦੀ ਅਵਨੀਤ ਸੰਧੂ ਕਲਾਂ ਨੇ ਵੀ ਸਭ ਤੋਂ ਛੋਟੇ ਕਲਾਕਾਰ ਵਜੋਂ ਚੰਗੀ ਵਾਹ ਵਾਹ ਖੱਟੀ। ਮੈਡਮ ਐਮ ਕੇ ਧਾਲੀਵਾਲ ਦੀ ਸਟੇਜ ਸੰਚਾਲਨ ਵਧੀਆ ਰਹੀ। ਇਸ ਮੌਕੇ ਰਮਨ ਸੰਧੂ, ਹੈਪੀ ਨੈਨੇਵਾਲ, ਸੀਮਾ ਸੇਲਬਰਾਹ, ਪ੍ਰੀਤੀ ਰਿਉਂਨ, ਸਰਬ ਕੌਰ, ਗਗਨ ਦੀਪ ਕੌਰ, ਪਰਮਿੰਦਰ ਕੌਰ, ਗੁਰਮੀਤ ਕੌਰ, ਨੀਤੂ ਸ਼ਰਮਾ, ਗਿੰਨੀ ਰਾਈਆ, ਸੁਖਦੀਪ ਕੌਰ ਜਿਓਤੀ, ਐਨ ਪੀ ਕੌਰ ਅਤੇ ਸੀ ਕੇ ਸਰ ਵੀ ਹਾਜ਼ਰ ਸਨ।

# ਸਫਾਈ ਸੇਵਕ ਯੂਨੀਅਨ ਕਾਮਿਆਂ ਦੀ ਹੜਤਾਲ ਚੌਥੇ ਦਿਨ ਵੀ ਰਹੀ ਜਾਰੀ

**ਜਲਾਲਾਬਾਦ 9 ਮਈ (ਗਗਨ ਵਾਟਸ)** ਜਲਾਲਾਬਾਦ ਨਗਰ ਕੌਂਸਲ ਦੇ ਦਫਤਰ ਵਿਖੇ ਸਫਾਈ ਸੇਵਕ ਯੂਨੀਅਨ ਵੱਲੋਂ ਅੱਜ ਦੂਜੇ ਦਿਨ ਵੀ ਹੜਤਾਲ ਦੇ ਵਿੱਚ ਸ਼ਾਮਿਲ ਹੋ ਕੇ ਆਪਣੀਆਂ ਮੰਗਾਂ ਲਈ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਜਾਣਕਾਰੀ ਦਿੰਦਿਆਂ ਸਫਾਈ ਸੇਵਕ ਯੂਨੀਅਨ ਪ੍ਰਧਾਨ ਅਜੇ ਕੁਮਾਰ ਵਾਈਸ ਪ੍ਰਧਾਨ ਰਵੀ ਕੁਮਾਰ ਕੈਸ਼ੀਅਰ ਰੇਸ਼ਮ ਸਿੰਘ ਕਾਠਗੜ੍ਹ, ਸਲਾਹਕਾਰ ਗੁਰਬਖ਼ਸ ਲਾਲ, ਅਤੇ ਕੱਚੇ ਮੁਲਾਜਮ ਪ੍ਰਧਾਨ ਸੰਨੀ ਕੁਮਾਰ, ਵਾਇਸ ਪ੍ਰਧਾਨ ਵਿਕਾਸ ਕੁਮਾਰ, ਸੈਕਟਰੀ ਸੂਰਜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਫਾਈ ਕਾਮਿਆਂ ਦਾ ਨਿਗੁਣੀਆਂ ਤਨਖਾਹਾਂ ਤੇ ਸ਼ੋਸ਼ਣ ਕੀਤਾ ਜਾ ਰਿਹਾ ਹੈ ਜਿਸ ਕਰਕੇ ਸਾਡੇ ਪਰਿਵਾਰਾਂ ਦਾ ਗੁਜ਼ਾਰਾ ਕਰਨਾ ਮੁਸ਼ਕਿਲ ਹੋਇਆ ਪਿਆ ਹੈ ਸਫਾਈ ਕਾਮੇ ਆਪਣੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨ ਤੋਂ ਅਸਮਰੱਥ ਹੋ ਰਹੇ ਹਨ ਇਸ ਕਰਕੇ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਸਫਾਈ ਕਾਮਿਆਂ ਦੀ ਘੱਟ ਤੋਂ ਘੱਟ 40000 ਪ੍ਰਤੀ ਮਹੀਨਾ ਤਨਖਾਹ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਕੀਤਾ ਜਾਵੇ, ਸਫਾਈ ਸੇਵਕ ਕਾਮਿਆਂ , ਬਿਜਲੀ , ਸੀਵਰਮੈਨ ਨੂੰ ਸੇਫਟੀ ਕਿੱਟਾਂ ਮੁਹਈਆ ਕਰਵਾਈਆਂ ਜਾਣ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਜਿਲਾ ਸਕੱਤਰ ਮਨਦੀਪ ਸਿੰਘ ਵੱਲੋਂ ਸਫਾਈ ਕਰਮਚਾਰੀਆਂ ਦੀ ਹੜਤਾਲ ਦਾ ਸਮਰਥਨ ਕੀਤਾ ਗਿਆ। ਇਸ ਮੌਕੇ ਵਿਕਾਸ ਕੁਮਾਰ, ਚਰਨਦਾਸ, ਜਸਵੰਤ ਸਿੰਘ ਸੁਖਚੈਨ ਸਿੰਘ ਡਰਾਈਵਰ, ਡਰਾਈਵਰ ਪ੍ਰਧਾਨ ਲਖਵੀਰ ਚੰਦ, ਬੂਟਾ ਸਿੰਘ, ਸਮੇਤ ਸੈਂਕੜੇ ਕਰਮਚਾਰੀ ਆਦਿ ਹਾਜ਼ਰ ਸਨ।



# ਮੌਜੂਦਾ ਪੰਚਾਇਤ ਮੈਂਬਰ ਪਰਿਵਾਰ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਸ਼ਾਮਿਲ, ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਵੱਲੋਂ ਕੀਤਾ ਸਨਮਾਨ



**ਅੰਮ੍ਰਿਤਸਰ 9 ਮਈ (ਸੋਨੂ ਨਰੂਲਾ)** ਅਕਾਲੀ ਦਲ ਵਾਰਿਸ ਪੰਜਾਬ ਦੀ ਲੋਕਪ੍ਰੀਅਤ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੀਤੀਆਂ ਅਤੇ ਉਨਾਂ ਵੱਲੋਂ ਸਮਾਜ ਅਤੇ ਨਸ਼ਿਆਂ ਵਿਰੁੱਧ ਚਲਾਈ ਮੁਹਿਮ ਨੂੰ ਦੇਖਦਿਆਂ ਪੰਜਾਬ ਵਿੱਚ ਵੱਡੇ ਪੱਧਰ ਤੇ ਲੋਕ ਅਤੇ ਇਹਨਾਂ ਝੂਠੀਆਂ ਪਾਰਟੀਆਂ ਦੇ ਸਤਾਏ ਹੋਏ ਲੋਕ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਰਹੇ ਹਨ। ਇਸੇ ਦੇ ਤਹਿਤ ਅੱਜ ਹਲਕਾ ਰਾਜਾਸਾਂਸੀ ਦੇ ਪਿੰਡ ਛੀਨਾ ਕਰਮ ਸਿੰਘ ਤੋਂ ਮੌਜੂਦਾ ਪੰਚਾਇਤ ਮੈਂਬਰ ਪਰਮਜੀਤ ਕੌਰ, ਭੁਪਿੰਦਰ ਸਿੰਘ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਰਾਜਾਸਾਂਸੀ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਸ਼ਾਮਿਲ ਹੋ ਗਏ ਹਨ। ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਿਲ ਹੋਣ ਤੇ ਦਲਜੀਤ ਸਿੰਘ ਮਿਆਦੀਆਂ ਵੱਲੋਂ ਉਹਨਾਂ ਨੂੰ ਸਰੋਪਿਓ ਪਾ ਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਜੋ ਉਹਨਾਂ ਨੇ ਅਕਾਲੀ ਦਲ ਵਾਰਸ ਪੰਜਾਬ ਵਿੱਚ ਸ਼ਾਮਿਲ ਹੋ ਕੇ ਇੱਕ ਵੱਡਾ ਫੈਸਲਾ ਲਿਆ ਹੈ ਉਹ ਬਹੁਤ ਹੀ ਵਧੀਆ ਸਿੱਧ ਹੋਵੇਗਾ ਕਿਉਂਕਿ ਸਾਡੀ ਜਵਾਨੀ ਜਿਸ ਤਰ੍ਹਾਂ ਇਹਨਾਂ ਸਰਕਾਰਾਂ ਵੱਲੋਂ ਨਸ਼ਿਆਂ ਵੱਲ ਤੋਰ ਦਿੱਤੀ ਹੈ ਉਸ ਨੂੰ ਸਿੱਧੇ ਰਾਹ ਪਾਉਣ ਲਈ ਭਾਈ ਅੰਮ੍ਰਿਤਪਾਲ ਸਿੰਘ ਵਰਗੇ ਯੋਧਿਆਂ ਨੂੰ ਪੰਜਾਬ ਦੀ ਵਾਗਡੋਰ ਸੌਂਪਣ ਦੀ ਲੋੜ ਹੈ। ਪਰ ਇਹ ਸਰਕਾਰਾਂ ਨਹੀਂ ਚਾਹੁੰਦੀਆਂ ਕਿ ਭਾਈ ਅੰਮ੍ਰਿਤਪਾਲ ਸਿੰਘ ਵਰਗੇ ਯੋਧੇ ਜੇਲਾਂ ਚੋਂ ਬਾਹਰ ਆਉਣ ਕਿਉਂਕਿ ਇਹਨਾਂ ਸਰਕਾਰਾਂ ਨੂੰ ਇਹ ਖਤਰਾ ਹੈ ਕਿ ਜੇਕਰ ਭਾਈ ਅੰਮ੍ਰਿਤ ਪਾਲ ਸਿੰਘ ਵਰਗੇ ਯੋਧੇ ਜੇਲਾਂ ਚੋਂ ਬਾਹਰ ਆਣ ਕੇ ਪੰਜਾਬ ਦੀ ਸੱਤਾ ਵਿੱਚ ਆ ਗਏ ਤਾਂ ਇਹਨਾਂ ਸਰਕਾਰਾਂ ਦਾ ਨਸ਼ੇ ਦੇ ਕਾਰੋਬਾਰ ਬੰਦ ਹੋ ਜਾਣਗੇ ਅਤੇ ਪੰਜਾਬ ਫਿਰ ਤੋਂ ਖੁਸ਼ਹਾਲ ਸੂਬਾ ਬਣ ਜਾਵੇਗਾ। ਦਲਜੀਤ ਸਿੰਘ ਮਿਆਦੀਆਂ ਨੇ ਕਿਹਾ ਕਿ ਅੱਜ ਪੰਜਾਬ ਨੂੰ ਇਹਨਾਂ ਘੁਣ ਵਾਂਗੂੰ ਚੰਬੜੀਆਂ ਸਰਕਾਰਾਂ ਤੋਂ ਬਚਾਉਣ ਦੀ ਲੋੜ ਹੈ ਜਿਸ ਦੇ ਲਈ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਵਰਗੇ ਯੋਧਿਆਂ ਨੂੰ 2027 ਦੀਆਂ ਚੋਣਾਂ ਵਿੱਚ ਪੰਜਾਬ ਦਾ ਮੁੱਖ ਮੰਤਰੀ ਬਣਾ ਕੇ ਇਨਾ ਪੰਜਾਬ ਦੀ ਨੌਜਵਾਨੀ ਤੇ ਖੁਸ਼ਹਾਲੀ ਪ੍ਰਤੀ ਮਾੜੀ ਸੋਚ ਰੱਖਣ ਵਾਲੀਆਂ ਸਰਕਾਰਾਂ ਤੋਂ ਛੁਟਕਾਰਾ ਦਿਵਾਇਆ ਜਾ ਸਕੇ।

# ਸਿੱਧੂ ਬਰਾੜ ਭਾਈਚਾਰੇ ਵੱਲੋਂ ਨਗਰ ਮਹਿਰਾਜ ਦੇ 400 ਸਾਲਾ ਮੋਹੜੀ ਗੱਡ ਦਿਹਾੜੇ ਦੇ ਸਬੰਧ ਵਿੱਚ ਅਹਿਮ ਮੀਟਿੰਗ ਹੋਈ



**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)-** 17 ਮਾਰਚ 2027 ਨੂੰ ਬਾਹੀਏ ਦੇ ਮੁੱਢ ਅਤੇ ਇਤਿਹਾਸਕ ਨਗਰ ਮਹਿਰਾਜ ਦੇ 400 ਸਾਲਾ ਮੋਹੜੀਗੱਡ ਦਿਹਾੜੇ ਨੂੰ ਸ਼ਾਨੋ-ਸ਼ੌਕਤ ਨਾਲ ਮਨਾਉਣ ਸਬੰਧੀ ਸਿੱਧੂ-ਬਰਾੜ ਭਾਈਚਾਰੇ ਦੀ ਅਹਿਮ ਮੀਟਿੰਗ ਗੁਰਦੁਆਰਾ ਬਾਬਾ ਸਿੱਧ ਤਿਲਕ ਰਾਏ ਮਹਿਰਾਜ ਵਿਖੇ ਹੋਈ। ਇਸ ਮੀਟਿੰਗ ਵਿੱਚ ਪੰਜਾਬ ਦੇ ਵੱਖ-ਵੱਖ ਪਿੰਡਾਂ ਅਤੇ ਹੋਰ ਸੂਬਿਆਂ ਤੋਂ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਾਗ ਲਿਆ ਅਤੇ ਸਮਾਗਮ ਨੂੰ ਇਤਿਹਾਸਕ ਬਣਾਉਣ ਲਈ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਮੀਤ ਸਿੰਘ ਕੈਨੇਡਾ, ਸੇਵਾਮੁਕਤ ਲੈਕਚਰਾਰ ਗੁਰਨਾਮ ਸਿੰਘ ਕਲਿਆਣ, ਰੂੜ ਸਿੰਘ ਲਹਿਰਾ ਮੁਹੱਬਤ, ਸਰਪੰਚ ਸੁਮਨਪ੍ਰੀਤ ਕੌਰ ਪੂਹਲਾ, ਨੰਬਰਦਾਰ ਦਰਸ਼ਨ ਸਿੰਘ ਨਥਾਣਾ, ਜਗਦੇਵ ਸਿੰਘ ਚੱਕ ਮਹਿਰਾਜ ਕਾ (ਰਾਜਸਥਾਨ), ਐਡਵੋਕੇਟ ਜੱਸ ਬੱਜੋਆਣਾ, ਗੁਰਮੀਤ ਸਿੰਘ, ਅਮਰੀਕ ਸਿੰਘ, ਜ਼ਿਲ੍ਹਾ ਪ੍ਰੈਸ ਸਕੱਤਰ ਗੁਰਤੇਜ ਮਹਿਰਾਜ, ਤੀਰਥ ਸਿੰਘ ਸਿੱਧੂ ਦਿਆਲਪੁਰਾ ਮਿਰਜ਼ਾ ਨੇ ਦੱਸਿਆ ਕਿ "ਸਿੱਧੂ-ਬਰਾੜ ਭਾਈਚਾਰਾ ਵਿਸ਼ਵ ਵੈਲਫੇਅਰ ਸੁਸਾਇਟੀ ਮਹਿਰਾਜ (ਬਠਿੰਡਾ)"ਦੇ ਨਾਮ ਹੇਠ ਸੰਸਥਾ ਨੂੰ ਰਜਿਸਟਰ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮੁੱਚੇ ਸਿੱਧੂ-ਬਰਾੜ ਭਾਈਚਾਰੇ ਨੂੰ ਇੱਕ ਮੰਚ 'ਤੇ ਇਕੱਠਾ ਕਰਨ ਲਈ ਜਲਦ ਹੀ ਸਰਬਸੰਮਤੀ ਨਾਲ ਕਮੇਟੀ ਦਾ ਗਠਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮਹਿਰਾਜ ਪਿੰਡ ਦੇ ਇਤਿਹਾਸ, ਵਿਰਸੇ ਅਤੇ ਭਾਈਚਾਰੇ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਇੱਕ ਵਿਸ਼ੇਸ਼ ਕਿਤਾਬ ਜਾਂ ਯਾਦਗਾਰੀ ਮੈਗਜ਼ੀਨ ਵੀ ਛਪਾਇਆ ਜਾਵੇਗਾ। ਇਸ ਤੋਂ ਇਲਾਵਾ ਸਮਾਗਮ ਨੂੰ ਵਿਸ਼ਵ ਪੱਧਰ 'ਤੇ ਯਾਦਗਾਰੀ ਬਣਾਉਣ ਲਈ ਦੇਸ਼ਾ-ਵਿਦੇਸ਼ ਵਿੱਚ ਵੱਸਦੇ ਸਿੱਧੂ-ਬਰਾੜ ਭਾਈਚਾਰੇ ਨਾਲ ਸੰਪਰਕ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰਕੇ ਲੋਕਾਂ ਨੂੰ ਇਸ ਮਹਾਨ ਇਤਿਹਾਸਕ ਦਿਹਾੜੇ ਨਾਲ ਜੋੜਿਆ ਜਾਵੇਗਾ, ਤਾਂ ਜੋ 400 ਸਾਲਾ ਸਮਾਗਮ ਨੂੰ ਭਾਈਚਾਰਕ ਏਕਤਾ, ਵਿਰਸੇ ਅਤੇ ਸੱਭਿਆਚਾਰ ਦੀ ਵਿਲੱਖਣ ਮਿਸਾਲ ਬਣਾਇਆ ਜਾ ਸਕੇ। ਇਸ ਮੌਕੇ ਹਾਜ਼ਰ ਸਮੂਹ ਸੰਗਤ ਅਤੇ ਭਾਈਚਾਰੇ ਦੇ ਆਗੂਆਂ ਨੇ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਹੈ।

# ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਤੇ ਵਿਧਾਇਕ ਗੋਲਡੀ ਕੰਬੋਜ ਨੇ 'ਸ਼ਹੀਦ ਊਧਮ ਸਿੰਘ ਮਾਰਗ' ਬਾਈਪਾਸ ਦਾ ਰੱਖਿਆ ਨੀਂਹ ਪੱਥਰ

### ਕਿਹਾ, 13 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ 8.50 ਕਿੱਲੋਮੀਟਰ ਬਣੇਗਾ ਸ਼ਹੀਦ ਊਧਮ ਸਿੰਘ ਮਾਰਗ ਬਾਈਪਾਸ

**ਜਲਾਲਾਬਾਦ 9 ਮਈ (ਗਗਨ ਵਾਟਸ)** ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਇਤਿਹਾਸਿਕ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਇਸੇ ਲੜੀ ਤਹਿਤ ਹੀ ਅੱਜ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਤੇ ਵਿਧਾਇਕ ਗੋਲਡੀ ਕੰਬੋਜ ਨੇ 'ਸ਼ਹੀਦ ਊਧਮ ਸਿੰਘ ਮਾਰਗ ' ਬਾਈਪਾਸ ਦਾ ਰੱਖਿਆ ਨੀਂਹ ਪੱਥਰ ਰੱਖਿਆ ਗਿਆ। ਸਮਾਗਮ ਦੌਰਾਨ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਕੰਮਾਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਬਾਬਾ ਜੀ ਨੇ ਕਿਹਾ, "ਜਲਾਲਾਬਾਦ ਦੇ ਲੋਕ ਖੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਅਜਿਹਾ ਨੌਜਵਾਨ, ਮਿਹਨਤੀ ਅਤੇ ਇਮਾਨਦਾਰ ਵਿਧਾਇਕ ਮਿਲਿਆ ਹੈ ਜੋ ਦਿਨ-ਰਾਤ ਲੋਕਾਂ ਦੀ ਸੇਵਾ ਲਈ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਬਹੁਤ ਥੋੜ੍ਹੇ ਸਮੇਂ ਵਿੱਚ ਜਲਾਲਾਬਾਦ ਦੀ ਤਸਵੀਰ ਅਤੇ ਤਕਦੀਰ ਬਦਲਣ ਦਾ ਕੰਮ ਕੀਤਾ ਹੈ ਅੱਜ ਸ਼ਹਿਰ ਵਿੱਚ ਜਿੱਥੇ ਵੀ ਨਜ਼ਰ ਮਾਰੀਏ, ਉੱਥੇ ਵਿਕਾਸ ਹੀ ਵਿਕਾਸ ਦਿਖਾਈ ਦਿੰਦਾ ਹੈ। ਬਾਬਾ ਜੀ ਨੇ ਕਿਹਾ ਕਿ ਸੜਕਾਂ, ਹਸਪਤਾਲਾਂ, ਸਕੂਲਾਂ, ਖੇਡ ਮੈਦਾਨਾਂ ਅਤੇ ਪੀਣ ਵਾਲੇ ਪਾਣੀ ਦੇ ਪ੍ਰੋਜੈਕਟਾਂ 'ਤੇ ਤੇਜ਼ੀ ਨਾਲ ਕੰਮ ਹੋ ਰਿਹਾ ਹੈ, ਜਿਸ ਨਾਲ ਲੋਕਾਂ ਨੂੰ ਸਿੱਧਾ ਫ਼ਾਇਦਾ ਮਿਲ ਰਿਹਾ ਹੈ। ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਨੇ ਕਿਹਾ ਕਿਹਾ "ਸ਼੍ਰੋਮਣੀ ਸ਼ਹੀਦ ਊਧਮ ਸਿੰਘ ਵਰਗੇ ਮਹਾਨ ਯੋਧਿਆਂ ਦੇ ਨਾਮ 'ਤੇ ਬਣ ਰਹੇ ਪ੍ਰੋਜੈਕਟ ਨੌਜਵਾਨ ਪੀੜ੍ਹੀ ਨੂੰ ਦੇਸ਼ ਪ੍ਰੇਮ ਅਤੇ ਕੁਰਬਾਨੀ ਦੀ ਪ੍ਰੇਰਨਾ ਦਿੰਦੇ ਹਨ ਇਹ ਬਾਈਪਾਸ ਸਿਰਫ਼ ਇੱਕ ਸੜਕ ਨਹੀਂ, ਸਗੋਂ ਜਲਾਲਾਬਾਦ ਦੀ ਤਰੱਕੀ ਅਤੇ ਖੁਸ਼ਹਾਲੀ ਦਾ ਨਵਾਂ ਰਸਤਾ ਬਣੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਪ੍ਰੋਜੈਕਟ ਸ਼ਹਿਰ ਦੇ ਵਪਾਰ, ਆਵਾਜਾਈ ਅਤੇ ਵਿਕਾਸ ਨੂੰ ਨਵੀਂ ਰਫ਼ਤਾਰ ਦੇਵੇਗਾ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਜਲਾਲਾਬਾਦ ਸ਼ਹਿਰ ਨੂੰ ਟਰੈਫ਼ਿਕ ਸਮੱਸਿਆ ਤੋਂ ਰਾਹਤ ਦੇਣ ਅਤੇ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਲਈ ਐੱਫ਼.ਐੱਫ਼.ਰੋਡ ਬੱਘੇ ਕੇ ਉਤਾੜ ਤੋਂ ਪਿੰਡ ਅਮੀਰ ਖ਼ਾਸ (ਲਾਧੂਕਾ ਡਿਸਟਰੀਬਿਊਟਰ ) ਦੇ ਨਾਲ ਤੱਕ 8.50 ਕਿੱਲੋਮੀਟਰ ਤੱਕ 13 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਇਹ 'ਸ਼ਹੀਦ ਊਧਮ ਸਿੰਘ ਮਾਰਗ' ਬਾਈਪਾਸ ਬਣਾਇਆ ਜਾਵੇਗਾ ਜਿਸ ਦਾ ਅੱਜ ਨੀਹ ਪੱਥਰ ਰੱਖ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਇੱਕੋ ਮਕਸਦ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਜਲਾਲਾਬਾਦ ਹਲਕੇ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲਾਲਾਬਾਦ ਦੇ ਲੋਕਾਂ ਨੇ ਸਾਨੂੰ ਜੋ ਪਿਆਰ ਅਤੇ ਵਿਸ਼ਵਾਸ ਦਿੱਤਾ ਹੈ, ਅਸੀਂ ਉਸ 'ਤੇ ਖਰਾ ਉੱਤਰਨ ਦੀ ਪੂਰੀ ਕੋਸ਼ਿਸ਼ਾਂ ਕਰ ਰਹੇ ਹਾਂ ਸ਼ਹਿਰ ਦੀ ਟਰੈਫ਼ਿਕ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਬਾਈਪਾਸ ਮਨਜ਼ੂਰ ਕਰਵਾਇਆ ਗਿਆ ਹੈ ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਹ ਬਾਈਪਾਸ ਜਲਾਲਾਬਾਦ ਦੇ ਵਿਕਾਸ ਦੀ ਨਵੀਂ ਪਹਿਚਾਣ ਬਣੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਲਾਲਾਬਾਦ 'ਚ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਲਾਲਾਬਾਦ ਨੂੰ ਹੋਰ ਵੱਡੇ ਪ੍ਰੋਜੈਕਟ ਦਿੱਤੇ ਜਾਣਗੇ ਤਾਂ ਜੋ ਸ਼ਹਿਰ ਨੂੰ ਆਧੁਨਿਕ ਅਤੇ ਸੁੰਦਰ ਬਣਾਇਆ ਜਾ ਸਕੇ। ਸਮਾਗਮ ਦੇ ਅੰਤ ਵਿੱਚ ਪਰਮ ਸੰਤ ਬਾਬਾ ਬ੍ਰਹਮ ਦਾਸ ਜੀ ਵੱਲੋਂ ਪੰਜਾਬ ਦੀ ਚੜ੍ਹਦੀ ਕਲਾ ਲੋਕਾਂ ਦੀ ਖ਼ੁਸ਼ਹਾਲੀ ਅਤੇ ਜਲਾਲਾਬਾਦ ਦੇ ਵਿਕਾਸ ਲਈ ਅਰਦਾਸ ਕੀਤੀ ਗਈ। ਇਸ ਦੌਰਾਨ ਲੋਕਾਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਲਾਲਾਬਾਦ ਹੁਣ ਵਿਕਾਸ ਦੀ ਨਵੀਂ ਰਾਹ 'ਤੇ ਅੱਗੇ ਵੱਧ ਰਿਹਾ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕਾ ਵਾਸੀ, ਧਾਰਮਿਕ ਸ਼ਖ਼ਸੀਅਤਾਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਮੌਜੂਦ ਹਾਜ਼ਰ ਸਨ।



# 24 ਪੀਬੀ ਬੀਐਨ ਐਨਸੀਸੀ, ਅੰਮ੍ਰਿਤਸਰ ਗਰੁੱਪ ਦੁਆਰਾ ਆਪਰੇਸ਼ਨ ਸਿੰਦੂਰ ਦੀ ਸਫਲਤਾ ਦੀ ਯਾਦ ਵਿੱਚ ਪਹਿਲੀ ਵਰ੍ਹੇਗੰਢ ਮਨਾਉਣ ਲਈ ਦੇਸ਼ ਭਗਤੀ ਪਰੇਡ ਕੀਤੀ ਗਈ




**ਅੰਮ੍ਰਿਤਸਰ 09 ਮਈ (ਸੋਨੂ ਨਰੂਲਾ)** ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ, ਰਾਮ ਤੀਰਥ, ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਸੰਯੁਕਤ ਸਾਲਾਨਾ ਸਿਖਲਾਈ ਕੈਂਪ – 03 (ਸੀਏਟੀਸੀ-03) ਦੌਰਾਨ ਕਰਨਲ ਪਰਮਜੀਤ ਸਿੰਘ ਰਿਆੜ 24 ਪੰਜਾਬ ਬਟਾਲੀਅਨ ਐਨਸੀਸੀ ਦੁਆਰਾ 'ਓਪੀ ਸਿੰਦੂਰ' ਦੀ ਪਹਿਲੀ ਵਰ੍ਹੇਗੰਢ ਮਨਾਉਣ ਲਈ ਇੱਕ ਦੇਸ਼ ਭਗਤੀ ਪਰੇਡ ਕੀਤੀ ਗਈ। ਅੰਮ੍ਰਿਤਸਰ, ਤਰਨ ਤਾਰਨ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਲਗਭਗ 500 ਕੈਡਿਟਾਂ ਨੇ ਇਸ ਵਿੱਚ ਹਿੱਸਾ ਲਿਆ। ਕੈਡਿਟਾਂ ਨਵਪ੍ਰੀਤ ਕੌਰ, ਮਹਿਕ ਮਹਿਤਾ ਅਤੇ ਸ਼ਵਿਲਾ ਭਗਤ ਨੇ 'ਓਪੀ ਸਿੰਦੂਰ' ਦੇ ਮੁੱਖ ਪਹਿਲੂਆਂ ਬਾਰੇ ਦੱਸਿਆ। ਉਨ੍ਹਾਂ ਨੇ ਸਾਡੇ ਠੱਗ ਗੁਆਂਢੀ ਦੇਸ਼ ਯਾਨੀ ਪਾਕਿਸਤਾਨ ਦੀ ਭੂਮਿਕਾ ਅਤੇ ਅੱਤਵਾਦੀ ਗੱਠਜੋੜ ਨਾਲ ਇਸ ਦੇ ਸਬੰਧਾਂ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਉਜਾਗਰ ਕੀਤਾ ਕਿ ਕਿਵੇਂ ਆਪਰੇਸ਼ਨ ਸਿੰਦੂਰ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ, ਰਣਨੀਤਕ ਬਹਾਦਰੀ, ਅੱਤਵਾਦ ਵਿਰੁੱਧ ਅਟੱਲ ਇਰਾਦੇ ਅਤੇ ਸਾਡੇ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ ਦੀ ਰੱਖਿਆ ਲਈ ਦ੍ਰਿੜ ਇਰਾਦੇ ਦਾ ਪ੍ਰਮਾਣ ਹੈ। ਕਰਨਲ ਪੀਐਸ ਰਿਆੜ, ਕਮਾਂਡਿੰਗ ਅਫ਼ਸਰ, 24 ਪੰਜਾਬ ਬਟਾਲੀਅਨ ਐਨਸੀਸੀ ਨੇ ਸਾਡਾ ਰਾਸ਼ਟਰੀ ਝੰਡਾ, ਤਿਰੰਗਾ ਲਹਿਰਾਇਆ। ਇਸ ਤੋਂ ਬਾਅਦ ਕੈਡਿਟਾਂ ਦੁਆਰਾ ਰਾਸ਼ਟਰੀ ਗੀਤ ਗਾਇਆ ਗਿਆ ਅਤੇ 'ਭਾਰਤ ਮਾਤਾ' ਦੇ ਨਾਅਰੇ ਲਗਾਏ ਗਏ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ 'ਮਦਰਸ ਡੇ' ਬੜੀ ਧੂਮ ਧਾਮ ਨਾਲ ਮਨਾਇਆ ਗਿਆ

## ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ- ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ



**ਸ੍ਰੀ ਮੁਕਤਸਰ ਸਾਹਿਬ, 09 ਮਈ (ਰਵੀਨਾ ਅਰੋੜਾ)**- ਦੇਸ਼ ਭਗਤ ਕੈਂਪਸ, ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਅਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ, ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ ਵੱਲੋਂ ਮਦਰਸ ਡੇ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਕਿੰਡਰਗਾਰਟਨ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾਵਾਂ, ਭਾਸ਼ਣ ਅਤੇ ਡਾਂਸ ਪੇਸ਼ ਕਰਕੇ ਮਾਵਾਂ ਦੇ ਸਤਿਕਾਰ ਨੂੰ ਪ੍ਰਗਟਾਇਆ ਗਿਆ। ਇਸ ਦੇ ਨਾਲ ਹੀ ਜਮਾਤ ਪਹਿਲੀ ਤੋਂ ਅੱਠਵੀਂ ਦੇ ਵਿਦਿਆਰਥੀਆਂ ਨੇ ਆਪਣੀਆਂ ਮਾਤਾਵਾਂ ਲਈ ਕਾਰਡ ਅਤੇ ਸੁੰਦਰ ਸੁਨੇਹੇ ਵੀ ਤਿਆਰ ਕੀਤੇ।

ਇਸ ਮੌਕੇ ਕਿੰਡਰਗਾਰਟਨ ਵਿੰਗ ਦੇ ਵਿਦਿਆਰਥੀਆਂ ਦੀਆਂ ਮਾਤਾਵਾਂ ਨੂੰ ਸਕੂਲ ਵਿਖੇ ਇਸ ਪ੍ਰੋਗਰਾਮ ਦਾ ਹਿੱਸਾ ਬਣਨ ਲਈ ਬੁਲਾਇਆ ਗਿਆ। ਮਾਤਾਵਾਂ ਦਾ ਸਵਾਗਤ ਤਿਲਕ ਲਗਾ ਕੇ ਕੀਤਾ ਗਿਆ। ਇਸ ਸਬੰਧੀ ਸਕੂਲ ਵੱਲੋਂ ਮਾਪਿਆਂ ਲਈ ਗੇਮਾਂ ਦਾ ਆਯੋਜਨ ਵੀ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਦਾ ਮਾਹੌਲ ਬਹੁਤ ਹੀ ਭਾਵੁਕ ਅਤੇ ਖੁਸ਼ਗਵਾਰ ਰਿਹਾ। ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ "ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ। ਮਾਂ ਦਾ ਪਿਆਰ, ਤਿਆਗ ਅਤੇ ਸਹਿਯੋਗ ਸਾਡੇ ਜੀਵਨ ਦੀ ਸਭ ਤੋਂ ਵੱਡੀ ਤਾਕਤ ਹੈ। ਸਾਨੂੰ ਹਰ ਵੇਲੇ ਆਪਣੀਆਂ ਮਾਵਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।"ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ "ਮਦਰਸ ਡੇ ਸਾਨੂੰ ਮਾਂ ਦੀ ਮਹਾਨਤਾ ਅਤੇ ਉਸਦੇ ਯੋਗਦਾਨ ਨੂੰ ਯਾਦ ਕਰਨ ਦਾ ਮੌਕਾ ਦਿੰਦਾ ਹੈ। ਬੱਚਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਮਾਪਿਆਂ ਦੀ ਸੇਵਾ ਅਤੇ ਆਦਰ ਕਰਨ।

ਦੇਸ਼ ਭਗਤ ਕੈਂਪਸ, ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਅਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜੋਰਾ ਸਿੰਘ ਜੀ ਅਤੇ ਪ੍ਰੋ



ਚਾਂਸਲਰ ਡਾ. ਤੇਜਿੰਦਰ ਕੌਰ ਜੀ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਵਿਦਿਆਰਥੀਆਂ ਨੂੰ ਮਾਤਾ ਪਿਤਾ, ਅਧਿਆਪਕਾਂ ਅਤੇ ਆਪਣੇ ਤੋਂ ਵੱਡਿਆਂ ਦੇ ਸਤਿਕਾਰ ਕਰਨ ਦੀ ਪ੍ਰੇਰਨਾ ਦਿੰਦੇ ਹਨ। ਇਹ ਸਮਾਗਮ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਅਤੇ ਯਾਦਗਾਰ ਸਾਬਤ ਹੋਇਆ।



## ਸ੍ਰੀ ਮੁਕਤਸਰ ਸਾਹਿਬ ਦੀ ਕ੍ਰਿਕਟ ਟੀਮ ਲਈ ਟਰਾਇਲ 12 ਮਈ ਨੂੰ

**ਸ੍ਰੀ ਮੁਕਤਸਰ ਸਾਹਿਬ, 09 ਮਈ (ਲੱਕੀ ਚੜੇਵਾਨ)**- ਪੰਜਾਬ ਕ੍ਰਿਕਟ ਐਸੋਸੀਏਸ਼ਨ ਮੋਹਾਲੀ ਵਲੋ ਕਰਵਾਏ ਜਾ ਰਹੇ ਲੜਕਿਆ ਦੇ ਸੀਨੀਅਰ ਵਰਗ ਟੂਰਨਾਮੈਂਟ ਲਈ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਸ਼੍ਰੀ ਮੁਕਤਸਰ ਸਾਹਿਬ ਦੀ ਟੀਮ ਲਈ ਟਰਾਇਲ ਰੱਖੇ ਜਾ ਰਹੇ ਹਨ। ਇਸ ਸੰਬੰਧੀ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਦੇ ਪ੍ਰੈਸ ਸਕੱਤਰ ਸ੍ਰੀ ਵਿਜੇ ਕੁਮਾਰ ਜੀ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਇਸ ਟੂਰਨਾਮੈਂਟ ਵਿੱਚ ਸ੍ਰੀ ਮੁਕਤਸਰ ਸਾਹਿਬ ਦੀ ਸੀਨੀਅਰ ਵਰਗ ਲੜਕਿਆ ਦੀ ਕ੍ਰਿਕਟ ਟੀਮ ਲਈ ਟਰਾਇਲ ਮਿਤੀ 12-05-2026 ਦਿਨ ਮੰਗਲਵਾਰ ਨੂੰ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦੇ ਗ੍ਰਾਉਂਡ ਨੈਸ਼ਨਲ ਪਬਲਿਕ ਸਕੂਲ ਜਲਾਲਾਬਾਦ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਸ਼ਾਮ 3.30 ਵਜੇ ਹੋਣਗੇ। ਇਹਨਾਂ ਟਰਾਇਲਾ ਵਿੱਚ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਖਿਡਾਰੀ ਹੀ ਭਾਗ ਲੈ ਸਕਦੇ ਹਨ। ਖਿਡਾਰੀ ਆਪਣੇ ਨਾਲ ਡਿਜਿਟਲ ਜਨਮ ਸਰਟੀਫਿਕੇਟ, ਪਿਛਲੇ ਸਾਲ ਦੀ ਮਾਰਕਸ਼ੀਟ ਅਤੇ ਮੌਜੂਦਾ ਸਾਲ ਦਾ ਬੋਨਾਫਾਈਡ, ਪਾਸਪੋਰਟ ਸਾਈਜ਼ ਫੋਟੋ, ਅਧਾਰ ਕਾਰਡ , ਰਿਹਾਇਸ਼ ਦਾ ਸਬੂਤ, ਪੈਨ ਕਾਰਡ, ਬੈਂਕ ਖਾਤੇ ਦੀ ਪਾਸਬੁੱਕ ਅਤੇ ਖੇਡਣ ਵਾਲੀ ਕਿੱਟ ਲੈ ਕੇ ਆਉਣਗੇ।

## ਨਗਰ ਕੌਂਸਲ ਚੋਣਾਂ ਲਈ ਕਸਤੂਰੀ ਲਾਲ ਮਿੰਟੂ ਬੱਸੀ ਪਠਾਣਾ ਤੋਂ ਅਬਜ਼ਰਵਰ ਨਿਯੁਕਤ



**ਮਾਛੀਵਾੜਾ ਸਾਹਿਬ, 9 ਮਈ (ਮਾਸਟਰ ਸਤੀਸ਼ ਕੁਮਾਰ)** ਕਾਂਗਰਸ ਪਾਰਟੀ ਵੱਲੋਂ ਨਗਰ ਕੌਂਸਲ ਚੋਣਾਂ ਲਈ ਤਿਆਰੀਆਂ ਪੂਰੀ ਤਰ੍ਹਾਂ ਕਰ ਲਈਆਂ ਗਈਆਂ ਹਨ ਅਤੇ ਵੱਖ-ਵੱਖ ਸੀਨੀਅਰ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਮਾਛੀਵਾੜਾ ਸਾਹਿਬ ਤੋਂ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਉਪ ਪ੍ਰਧਾਨ ਤੇ ਹਲਕਾ ਸਾਹਨੇਵਾਲ ਦੇ ਕੋਆਰਡੀਨੇਟਰ ਕਸਤੂਰੀ ਲਾਲ ਮਿੰਟੂ ਨੂੰ ਵੱਡੀ ਤੇ ਨਵੀਂ ਜ਼ਿੰਮੇਵਾਰੀ ਸੌਂਪਦਿਆਂ ਬੱਸੀ ਪਠਾਣਾ ਨਗਰ ਕੌਂਸਲ ਚੋਣਾਂ ਲਈ ਪਾਰਟੀ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਸਤੂਰੀ ਲਾਲ ਮਿੰਟੂ ਨੇ ਕਿਹਾ ਕਿ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ ਅਤੇ ਸੀਨੀਅਰ ਹਾਈਕਮਾਂਡ ਦੇ ਧੰਨਵਾਦੀ ਹਨ, ਜਿਨ੍ਹਾਂ ਨੇ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਕਿਹਾ ਕਿ ਬੱਸੀ ਪਠਾਣਾ ਦੀਆਂ ਨਗਰ ਕੌਂਸਲ ਚੋਣਾਂ 'ਚ ਕਾਂਗਰਸ ਪਾਰਟੀ ਵੱਲੋਂ ਯੋਗ ਤੇ ਜੇਤੂ ਉਮੀਦਵਾਰਾਂ ਨੂੰ ਚੋਣ ਮੈਦਾਨ 'ਚ ਉਤਾਰਿਆ ਜਾਵੇਗਾ ਅਤੇ ਸਾਰੇ ਉਮੀਦਵਾਰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ। ਉਹਨਾਂ ਬਸੀ ਪਠਾਣਾਂ ਦੇ ਸਮੂਹ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਕਿਹਾ ਕਿ ਉਹ ਇੱਕਜੁੱਟ ਹੋ ਕੇ ਇਹ ਚੋਣਾਂ ਲੜਨ ਅਤੇ ਆਪਣੇ ਉਮੀਦਵਾਰਾਂ ਨੂੰ ਜਿਤਾਉਣ ਲਈ ਜੁੱਟ ਜਾਣਾ।

## 12 ਮਈ ਨੂੰ ਲਕਸ਼ਮੀ ਮਾਰਕੀਟ ਵਿੱਚ ਲੱਗੇਗਾ ਸਵ.ਜਗਮੋਹਣ ਸਿੰਘ ਯਾਦਗਾਰੀ ਖੂਨਦਾਨ ਅਤੇ ਮੈਡੀਕਲ ਕੈਂਪ



**ਮਾਛੀਵਾੜਾ ਸਾਹਿਬ, 09 ਮਈ (ਮਾਸਟਰ ਸਤੀਸ਼ ਕੁਮਾਰ)** - ਸਵ. ਜਗਮੋਹਣ ਸਿੰਘ ਟੱਕਰ ਦੀ ਯਾਦ ਵਿਚ ਸਲਾਨਾ ਮੈਡੀਕਲ ਤੇ ਖੂਨਦਾਨ ਕੈਂਪ 12 ਮਈ ਦਿਨ ਮੰਗਲਵਾਰ ਨੂੰ ਲਕਸ਼ਮੀ ਮਾਰਕੀਟ 'ਚ ਐੱਚ.ਡੀ.ਐੱਫ.ਸੀ. ਬੈਂਕ ਨੇੜ੍ਹੇ ਲਗਾਇਆ ਜਾ ਰਿਹਾ ਹੈ। ਕੈਂਪ ਦੇ ਪ੍ਰਬੰਧਕ ਚਰਨਜੀਤ ਸਿੰਘ ਥੋਪੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਸੇਵਾ ਸੰਮਤੀ, ਚਰਨ ਕੰਵਲ ਸਾਹਿਬ ਸਪੋਰਟਸ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਸਮਰਾਲਾ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਕੈਂਪ ਵਿਚ ਐੱਸ.ਪੀ.ਐੱਸ. ਹਸਪਤਾਲ ਲੁਧਿਆਣਾ ਦੇ ਮਾਹਿਰ ਡਾਕਟਰ ਜਨਰਲ ਬੀਮਾਰੀਆਂ, ਹੱਡੀਆਂ ਦੇ ਮਰੀਜ਼ਾਂ ਦੀ ਮੁਫ਼ਤ ਜਾਂਚ ਕਰਨਗੇ ਅਤੇ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਐੱਸ.ਜੀ.ਬੀ. ਚੈਰੀਟੇਬਲ ਹਸਪਤਾਲ ਦੇ ਡਾਕਟਰ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨਗੇ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੀ ਦਿੱਤੀਆਂ ਜਾਣਗੀਆਂ। ਪੀ.ਜੀ.ਆਈ. ਹਸਪਤਾਲ ਚੰਡੀਗੜ੍ਹ ਤੋਂ ਆਈ ਟੀਮ ਵਲੋਂ ਖੂਨ ਇਕੱਤਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਦੇ ਨੌਜਵਾਨ ਤੇ ਹੋਰ ਵਿਅਕਤੀ ਇਸ ਖੂਨਦਾਨ ਕੈਂਪ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ ਤਾਂ ਉਨ੍ਹਾਂ ਵਲੋਂ ਦਿੱਤਾ ਗਿਆ ਖੂਨ ਲੋੜਵੰਦਾਂ ਤੱਕ ਪਹੁੰਚ ਸਕੇ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ। ਚਰਨਜੀਤ ਥੋਪੀਆ ਨੇ ਕਿਹਾ ਕਿ ਮੈਡੀਕਲ ਕੈਂਪ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਅਹੁਦੇਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ।

## ਪੱਤਰਕਾਰ ਮਨੀਸ਼ ਸਚਦੇਵਾ ਨੂੰ ਸਦਮਾ, ਪਿਤਾ ਸੀਨੀਅਰ ਪੱਤਰਕਾਰ ਧਰਮਿੰਦਰ ਸਚਦੇਵਾ ਦਾ ਦੇਹਾਂਤ

**ਸਮਰਾਲਾ, 09 ਮਈ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਪੱਤਰਕਾਰ ਮਨੀਸ਼ ਸਚਦੇਵਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋ ਉਨਾਂ ਦੇ ਪਿਤਾ ਸੀਨੀਅਰ ਪੱਤਰਕਾਰ ਧਰਮਿੰਦਰ ਸਚਦੇਵਾ ਦਾ ਦੇਹਾਂਤ ਹੋ ਗਿਆ ।



ਧਰਮਿੰਦਰ ਸਚਦੇਵਾ ਪਿਛਲੇ ਕੁਝ ਤੋ ਮੋਹਾਲੀ ਦੇ ਲਿਵਾਸਾ ਹਸਪਤਾਲ ਵਿਚ ਇਲਾਜ ਅਧੀਨ ਸਨ ਪਰ ਅੱਜ ਸ਼ਨੀਵਾਰ ਸਵੇਰੇ ਉਹ ਇਸ ਸੰਸਾਰ ਨੂੰ ਹਮੇਸ਼ਾ ਲਈ ਅਲਵਿਦਾ ਆਖ ਗਏ। ਉਨ੍ਹਾਂ ਦੇ ਦੇਹਾਂਤ ਨਾਲ ਪਰਿਵਾਰ ਅਤੇ ਉਨਾ ਨੂੰ ਚਾਹੁਣ ਵਾਲਿਆ ਵਿੱਚ ਗਹਿਰਾ ਦੁੱਖ ਦਾ ਮਾਹੌਲ ਪੈਦਾ ਹੋ ਗਿਆ ਹੈ। ਮ੍ਰਿਤਕ ਧਰਮਿੰਦਰ ਸਚਦੇਵਾ ਦਾ ਸਮਰਾਲਾ ਇਲਾਕੇ ਵਿੱਚ ਬਹੁਤ ਸਨਮਾਨ ਸੀ ਤੇ ਉਹ ਇਕ ਸਾਦਗੀਪ੍ਰਸਤ ਅਤੇ ਧਾਰਮਿਕ ਸੋਚ ਵਾਲੇ ਵਿਅਕਤੀ ਸਨ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦੌਰਾਨ ਸਮਾਜ ਵਿੱਚ ਇਕ ਅਹਿਮ ਸਥਾਨ ਬਣਾਇਆ। ਉਨ੍ਹਾਂ ਦੇ ਚਲੇ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਸ਼ਨੀਵਾਰ ਵਜੇ ਖੰਨਾ ਰੋਡ ਸਥਿਤ ਸ਼ਮਸ਼ਾਨ ਘਾਟ ਵਿੱਚ ਕੀਤਾ ਗਿਆ, ਜਿੱਥੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਰਾਜਨੀਤਿਕ ਤੇ ਸਮਾਜਿਕ ਸੰਗਠਨਾਂ ਦੇ ਮੈਂਬਰਾਂ ਅਤੇ ਇਲਾਕੇ ਦੇ ਕਈ ਪ੍ਰਮੁੱਖ ਵਿਅਕਤੀਆਂ ਨੇ ਹਾਜ਼ਰੀ ਭਰ ਕੇ ਅੰਤਿਮ ਵਿਦਾਈ ਦਿੱਤੀ।

## ਧਰਤੀ ਦੀ ਪੁਕਾਰ

ਖੇਤਾਂ ਕੰਢੇ ਨਾਲ ਸੜਕ ਦੇ।
ਅੱਜ ਵੇਖੇ ਮੈਂ ਰੁੱਖ ਬਿਲੱਖਦੇ।
ਧੂੰ ਧੂੰ ਕਰਕੇ ਸੜ ਰਹੇ ਸਨ।
ਹੌਲੀ ਹੌਲੀ ਮਰ ਰਹੇ ਸਨ।
ਸੋਹਣੇ ਸੋਹਣੇ ਪੱਤਰ ਹਰੀਲੇ।
ਨਾਲ ਸੇਕ ਦੇ ਹੋ ਗਏ ਪੀਲੇ।
ਆਲ੍ਹਣੇ ਕਈ ਤਬਾਹ ਹੋ ਗਏ।
ਨਿੱਕੇ ਬੋਟ ਸਵਾਹ ਹੋ ਗਏ।
ਧੂੰਏਂ ਦੇ ਗ਼ੁਬਾਰ ਚੁਫ਼ੇਰੇ।
ਬੈਠੇ ਅੰਬਰ ਨੂੰ ਪਾ ਘੇਰੇ।
ਧਰਤੀ ਵੀ ਕੁਰਲਾ ਰਹੀ ਸੀ।
ਮਾਤਮ ਜਿਹਾ ਮਨਾ ਰਹੀ ਸੀ।
ਪੁੱਤਰ ਐਸੇ ਸਮਝ ਨਾ ਆਉਂਦੇ।
ਮਾਂ ਦੇ ਸੀਨੇ ਅੱਗਾਂ ਲਾਉਂਦੇ।
ਕਿੰਨੀਆਂ ਦਾਤਾਂ ਬਖ਼ਸ਼ ਰਹੀ ਹੈ।
ਤਾਂ ਵੀ ਧਰਤੀ ਤਰਸ ਰਹੀ ਹੈ।
ਧਰਤੀ, ਹਵਾ ਤੇ ਰੁੱਖ ਬਚਾ ਲਓ।
ਔਲਾਦਾਂ ਲਈ ਸੁੱਖ ਬਚਾ ਲਓ।

ਗੁਰਮੀਤ ਸਿੰਘ
ਜ਼ਿਲ੍ਹਾ : ਪਠਾਨਕੋਟ
ਮੋਬਾਇਲ ਨੰਬਰ : 9877045595

## ਵਧੀਕ ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਪੰਜਾਬ ਦੀ ਆਮਦ ਦੇ ਅਗੇਤੇ ਪ੍ਰਬੰਧਾਂ ਸਬੰਧੀ ਕੀਤੀ ਮੀਟਿੰਗ




**ਸ੍ਰੀ ਮੁਕਤਸਰ ਸਾਹਿਬ 9 ਮਈ (ਮਾਲਵਾ ਬਾਣੀ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 10 ਮਈ, ਦਿਨ ਐਤਵਾਰ ਨੂੰ ਸ਼ਾਮ 5.00 ਵਜੇ ਵਿਧਾਨ ਸਭਾ ਹਲਕਾ ਗਿੱਦੜਬਾਹਾ ਦੇ ਪਿੰਡ ਸਾਹਿਬ ਚੰਦ ਵਿਖੇ ਸੱਥ ਪ੍ਰੋਗਰਾਮ ਤਹਿਤ ਕਰਵਾਏ ਜਾਣ ਵਾਲੇ ਸਮਾਗਮ ਦੀ ਪ੍ਰਧਾਨਗੀ ਕਰਨ ਲਈ ਪਹੁੰਚ ਰਹੇ ਹਨ। ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਵਧੀਕ ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ, ਡੈਵੀ ਗੋਇਲ ਵੱਲੋਂ ਡੀ.ਸੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਸਮਾਗਮ ਦੀ ਸੁਚਾਰੂ ਤਰੀਕੇ ਨਾਲ ਵਿਵਸਥਾ ਯਕੀਨੀ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਵਧੀਕ ਡਿਪਟੀ ਕਮਿਸ਼ਨਰ ਨੇ ਸੰਬੰਧਤ ਵਿਭਾਗਾਂ ਨੂੰ ਆਦੇਸ਼ ਦਿੱਤੇ ਕਿ ਸਮਾਗਮ ਦੌਰਾਨ ਸੁਰੱਖਿਆ, ਟਰੈਫਿਕ ਪ੍ਰਬੰਧ, ਸਫਾਈ, ਪੀਣ ਵਾਲੇ ਪਾਣੀ, ਬਿਜਲੀ ਅਤੇ ਮੈਡੀਕਲ ਸਹੂਲਤਾਂ ਸਮੇਤ ਸਾਰੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕੀਤੀਆਂ ਜਾਣ। ਉਨ੍ਹਾਂ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਅਤੇ ਸਮਾਗਮ ਦੀ ਸਫਲਤਾ ਲਈ ਹਰ ਵਿਭਾਗ ਆਪਣੀ ਜਿੰਮੇਵਾਰੀ ਤਨਦੇਹੀ ਨਾਲ ਨਿਭਾਵੇ। ਇਸ ਮੌਕੇ ਐਸ. ਡੀ. ਐੱਮ. ਸ੍ਰੀ ਮੁਕਤਸਰ ਸਾਹਿਬ ਗੁਰਕਿਰਨਦੀਪ ਸਿੰਘ, ਐਸ. ਡੀ. ਐੱਮ. ਗਿੱਦੜਬਾਹਾ ਜਸਪਾਲ ਸਿੰਘ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਹਿਮਾਂਸ਼ੂ ਕੁੱਕੜ, ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ, ਬੀਡੀਪੀਓ ਗਿੱਦੜਬਾਹਾ ਮਨਜੋਤ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਤਹਿਤ 49ਵੀਂ ਅਤੇ 50ਵੀਂ ਬੱਸ ਨੂੰ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕੀਤਾ ਰਵਾਨਾ



**ਜਲਾਲਾਬਾਦ 9 ਮਈ (ਗਗਨ ਵਾਟਸ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਅੱਜ ਪਿੰਡ ਚੱਕ ਪੰਨੀ ਵਾਲਾ (ਭੋਡੀਪੁਰ) ਅਤੇ ਚੱਕ ਸੋਹਣਾ ਸਾਂਦੜ (ਸਿੱਧੂ ਵਾਲਾ) ਵਿਖੇ ਸ਼ਰਧਾਲੂਆਂ ਲਈ 49ਵੀਂ ਅਤੇ 50ਵੀਂ ਤੀਰਥ ਯਾਤਰਾ ਬੱਸ ਨੂੰ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕ ਭਲਾਈ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਇੱਕ ਵੱਡਾ ਤੋਹਫ਼ਾ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜਿਸ ਨਾਲ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਦੌਰਾਨ ਪਿੰਡ ਵਾਸੀਆਂ ਅਤੇ ਸ਼ਰਧਾਲੂਆਂ ਵੱਲੋਂ ਪੰਜਾਬ ਸਰਕਾਰ ਅਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦਾ ਧੰਨਵਾਦ ਵੀ ਕੀਤਾ ਗਿਆ।

## ਮਾਂ ਦਿਵਸ ਤੇ ਤੂੰ ਮੇਰੀ ਖੈਰ ਮੰਗਦੀ ਮਾਂ

ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਆਪਣਾ ਗਰਾਂ
ਤੇਰੇ ਮਿੱਠੇ, ਪਿਆਰੇ, ਬੋਲ ਕਿਵੇਂ ਮੈਂ ਭੁਲਾਵਾਂ,
ਕਰ ਲੋਰੀਆਂ ਨੂੰ ਚੇਤੇ, ਗੁਣ ਤੇਰੇ ਗਾਵਾਂ,
ਨਾਲੇ ਬੋਲਦਾ ਬਨੇਰੇ ਸੀ ਮਾਂ ਕਾਂ
ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਮੈਨੂੰ ਤਾਂ ਗਰਾਂ
ਮਾਂ ਲਫ਼ਜ ਹੀ ਸੀਨੇ ਠੰਡ ਪਾਉਂਦਾ ਸੀ,
ਤੇਰੇ ਵੱਲ ਮਾਂ ਭੱਜਿਆਂ ਆਉਂਦਾ ਸੀ
ਠੰਡੀ ਬੋਹੜ ਵਰਗੀ ਸੀ ਤੇਰੀ ਛਾਂ
ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਮੈਨੂੰ ਤਾਂ ਗਰਾਂ
ਦੀਵਿਆਂ ਦੇ ਚਾਨਣਾਂ ਚ ਰਾਤਾਂ ਸੀ ਗੁਜਾਰੀਆਂ
ਔਕੜਾਂ ਹੰਢਾਈਆਂ ਚੇਤੇ ਮੈਨੂੰ ਸਾਰੀਆਂ,
ਕਦੇ ਪਾਟੀਆਂ ਚੁੰਨੀਆਂ ਨੂੰ ਭੁੱਲਦਾ ਨਾ,
ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਤਾਂ ਗਰਾਂ
ਬ੍ਰਾਹਮਣ ਮਾਜਰੇ ਵਾਲਾ ਅਸ਼ੋਕ ਮਾਂ ਜੀ ਮਾਂ ਜੀ ਕਹਿੰਦਾ ਸੀ
ਸਬਰਾਂ ਦਾ ਘੁੱਟ ਭਰ ਤੇਰੇ ਨਾਲ ਸਹਿੰਦਾ ਸੀ
ਵਿਹੜੇ ਰੌਣਕਾਂ ਸੀ ਤੇਰੇ ਨਾਲ ਮਾਂ।
ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਤਾਂ ਗਰਾਂ
ਰਹਾਂ ਤੇਰੀ ਤਸਵੀਰ ਨਾਲ ਗੱਲਾਂ ਕਰਦਾ,
ਯਾਦ ਕਰ ਕਰ ਮਨ ਰਹਿੰਦਾ ਭਰਦਾ,
ਸੰਸਕਾਰਾਂ ਚ ਮਿਲਾਉਂਦਾ ਸੀ ਮੈਂ ਹਾਂ,
ਤੂੰ ਮੇਰੀ ਖੈਰ ਮੰਗਦੀ ਸੀ ਪਲ ਪਲ ਮਾਂ,
ਲੱਗੇ ਤੇਰੇ ਤੋਂ ਬਗੈਰ ਸੁੰਨਾਂ ਤਾਂ ਗਰਾਂ



ਅਸ਼ੋਕ ਬ੍ਰਾਹਮਣ ਮਾਜਰਾ ਪਟਿਆਲਾ 9914183731

## ਪਛਮੀ ਬੰਗਾਲ ਤੋਂ ਬਾਅਦ ਪੰਜਾਬ 'ਚ ਵੀ ਮੋਦੀ ਲਹਿਰ ਦੀ ਅਗਵਾਈ ਹੇਠ ਸਿਰਜਿਆ ਜਾਵੇਗਾ ਨਵਾਂ ਇਤਿਹਾਸ : ਪੰਜਗਰਾਈਂ



**ਕੋਟਕਪੂਰਾ, 9 ਮਈ (ਟਿੰਕੂ ਕੁਮਾਰ)** ਪੱਛਮੀ ਬੰਗਾਲ ਅਤੇ ਦੂਜੇ ਦੋ ਰਾਜਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਭਾਰੀ ਬਹੁਮਤ ਹੋਣ ਤੋਂ ਬਾਅਦ ਵਿਧਾਨ ਸਭਾ ਹਲਕਾ ਜੈਤੋ ਦੇ ਵੱਖ-ਵੱਖ ਪਿੰਡਾਂ ਦੇ ਵਿੱਚ ਜਸਪਾਲ ਸਿੰਘ ਪੰਜਗਰਾਈ ਮੀਤ ਪ੍ਰਧਾਨ ਪੰਜਾਬ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚਾ ਦਾ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮੇਂ ਜਸਪਾਲ ਸਿੰਘ ਪੰਜਗਰਾਈਂ ਨੇ ਕਿਹਾ ਕਿ ਪੰਜਾਬ ਵਿੱਚ ਵੀ ਪੱਛਮੀ ਬੰਗਾਲ ਤੋਂ ਬਾਅਦ ਮੋਦੀ ਲਹਿਰ ਦੀ ਅਗਵਾਈ ਹੇਠ ਨਵਾਂ ਇਤਿਹਾਸ ਸਿਰਜਿਆ ਜਾਵੇਗਾ ਭਾਰਤੀ ਜਨਤਾ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੂਰੇ ਦੇਸ਼ ਦੇ ਲੋਕ ਅੱਜ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਚਾਹੁੰਦੇ ਹਨ, ਜਿਸ ਕਰਕੇ ਪੱਛਮੀ ਬੰਗਾਲ ਵਿੱਚ ਮਮਤਾ ਸਰਕਾਰ ਵੱਲੋਂ ਕੀਤਾ ਜਾ ਰਿਹਾ, ਸਿੱਖਾਂ ਕਿਸਾਨਾਂ ਮਜ਼ਦੂਰਾਂ ਹਿੰਦੂਆਂ ਤੇ ਅੱਤਿਆਚਾਰ ਨੂੰ ਰੋਕਣ ਲਈ ਲੋਕਾਂ ਨੇ ਵੱਡਾ ਫਤਵਾ ਭਾਰਤੀ ਜਨਤਾ ਪਾਰਟੀ ਨੂੰ ਦਿੱਤਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਵੀ ਉਸ ਤੋਂ ਵੀ ਮਾੜਾ ਹਾਲ ਹੈ, ਜਿਸ ਕਰਕੇ ਪੰਜਾਬ ਦੇ ਲੋਕ ਅੱਜ 2017 ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ। ਉਹਨਾਂ ਕਿਹਾ ਕਿ ਪੰਜਾਬ ਅੰਦਰ ਅੱਜ ਲੁੱਟਾਂ ਖੋਹਾਂ, ਗੁੰਡਾਗਰਦੀ, ਕਤਲੇਆਮ ਦੀਆਂ ਵਾਰਦਾਤਾਂ ਦਿਨ ਦਿਹਾੜੇ ਦੇਖਣ ਨੂੰ ਮਿਲਦੀਆਂ ਹਨ! ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਅੱਜ ਅਮਨਸ਼ਾਂਤੀ ਦਾ ਰਾਜ ਦੇਖਣਾ ਚਾਹੁੰਦੇ ਹਨ। ਇਸ ਕਰਕੇ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਵਿੱਚ ਸ਼ਾਂਤੀ ਦਾ ਰਾਜ ਲਿਆ ਕੇ ਦੂਸਰੇ ਸੂਬਿਆਂ ਵਾਂਗ ਤਰੱਕੀ ਦੇ ਰਾਹ 'ਤੇ ਲਿਆਂਦਾ ਜਾਵੇਗਾ। ਉਹਨਾਂ ਕਿਹਾ ਕਿ ਭਾਜਪਾ ਤੋਂ ਬਗੈਰ ਪੰਜਾਬ ਖੁਸ਼ਹਾਲ ਨਹੀਂ ਹੋ ਸਕਦਾ, ਇਸ ਕਰਕੇ ਪੰਜਾਬ ਦੇ ਹਰ ਵਰਗ ਦੇ ਲੋਕ ਅੱਜ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਮੋਦੀ ਦੀ ਅਗਵਾਈ ਵਿੱਚ ਲਿਆਉਣ ਲਈ ਦਿਨ ਰਾਤ ਉਡੀਕ ਕਰ ਰਹੇ ਹਨ। ਪੰਜਾਬ ਵਿੱਚ ਅੱਜ ਆਮ ਆਦਮੀ ਸਰਕਾਰ ਤੋਂ ਹਰ ਵਰਗ ਦੁਖੀ ਹੋਣ ਕਰਕੇ ਨਿਰਾਸ਼ਾ ਦੇ ਆਲਮ ਵਿੱਚ ਹੈ, ਜਿਸ ਕਰਕੇ ਪੰਜਾਬ ਵਿਚ ਅੱਜ ਵਿਕਾਸ ਦੇ ਨਾਂ ਦੀ ਕੋਈ ਚੀਜ਼ ਨਹੀਂ ਹੈ ਅਤੇ ਨਾ ਹੀ ਕੋਈ ਕਾਨੂੰਨ ਅਵਸਥਾ ਦੀ ਗੱਲ ਹੈ! ਇਸ ਸਮੇਂ ਉਹਨਾਂ ਨਾਲ ਬਲਵਿੰਦਰ ਸਿੰਘ ਬਰਗਾੜੀ, ਨਸੀਬ ਸਿੰਘ ਔਲਖ, ਹਰਪ੍ਰੀਤ ਸਿੰਘ ਸਿੱਧੂ, ਵਕੀਲ ਸਿੰਘ, ਗੁਰਮੀਤ ਸਿੰਘ ਰਾਮਿਆਣਾ, ਸਿੰਘ ਰਾਮੇਆਣਾ, ਸ਼ਾਮ ਲਾਲ ਗੋਇਲ, ਰਾਮ ਰਤਨ ਜੈਤੋ, ਲਖਵੀਰ ਢਿਲਵਾਂ, ਸੰਦੀਪ ਟੋਨੀ, ਰਜਿੰਦਰ ਮੱਲਾ ਅਤੇ ਗੁਰਦਿੱਤ ਸਿੰਘ ਵਾੜਾ ਭਾਈਕਾ ਆਦਿ ਵੀ ਹਾਜਰ ਸਨ।

## ਭਾਈ ਘੱਨਈਆ ਏਕਤਾ ਕਾਲਜ ਆਫ ਨਰਸਿੰਗ ਦਾ ਬੀ.ਐੱਸ.ਸੀ. ਨਰਸਿੰਗ 6ਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ

### ਮਿਸਬਾ ਮਨਜ਼ੂਰ ਨੇ ਮੋਗਾ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਕੀਤਾ ਹਾਸਲ, ਕਲਾਸ ਦਾ ਨਤੀਜਾ ਰਿਹਾ 100 ਫੀਸਦੀ



**ਧਰਮਕੋਟ, 9 ਮਈ (ਸਤਨਾਮ ਸਿੰਘ ਘਾਰੂ)** - ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਵਾਲੇ ਭਾਈ ਘੱਨਈਆ ਏਕਤਾ ਕਾਲਜ ਆਫ ਨਰਸਿੰਗ, ਧਰਮਕੋਟ ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਬੀ.ਐੱਸ.ਸੀ. ਨਰਸਿੰਗ 6ਵੇਂ ਸਮੈਸਟਰ ਦੇ ਨਤੀਜਿਆਂ ਵਿੱਚ ਵੱਡੀ ਉਪਲਬਧੀ ਹਾਸਲ ਕੀਤੀ ਹੈ। ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਕਾਲਜ ਦੀ ਵਿਦਿਆਰਥਣ ਮਿਸਬਾ ਮਨਜ਼ੂਰ ਨੇ 8.05 ਸੀ.ਜੀ.ਪੀ.ਏ. ਪ੍ਰਾਪਤ ਕਰਕੇ ਮੋਗਾ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ ਹੈ। ਇਸ ਉਪਲਬਧੀ ਨਾਲ ਕਾਲਜ, ਅਧਿਆਪਕ ਵਰਗ ਅਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਦਲਜੀਤ ਕੌਰ ਤੂਰ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਧਿਆਪਕਾਂ ਦੀ ਸਮਰਪਿਤ ਸੇਵਾ ਅਤੇ ਪ੍ਰਬੰਧਕ ਕਮੇਟੀ ਵੱਲੋਂ ਪ੍ਰਦਾਨ ਕੀਤੀਆਂ ਆਧੁਨਿਕ ਸਿੱਖਿਆ ਸਹੂਲਤਾਂ ਦੇ ਨਤੀਜੇ ਵਜੋਂ ਇਹ ਸ਼ਾਨਦਾਰ ਸਫਲਤਾ ਸੰਭਵ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਸਮੈਸਟਰ ਵਿੱਚ ਕਲਾਸ ਦਾ ਨਤੀਜਾ 100 ਫੀਸਦੀ ਰਿਹਾ, ਜੋ ਕਿ ਸੰਸਥਾ ਲਈ ਮਾਣ ਵਾਲੀ ਗੱਲ ਹੈ। ਡਾ. ਤੂਰ ਨੇ ਕਿਹਾ ਕਿ ਕਾਲਜ ਦੀ ਮੈਨੇਜਮੈਂਟ ਕਮੇਟੀ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਗੁਣਵੱਤਾ-ਪੂਰਨ ਸਿੱਖਿਆ ਦੇਣ ਲਈ ਵਚਨਬੱਧ ਰਹੀ ਹੈ। ਸਮੇਂ-ਸਮੇਂ 'ਤੇ ਲੈਬੋਰਟਰੀਆਂ, ਲਾਇਬ੍ਰੇਰੀ, ਕਲੀਨੀਕਲ ਟਰੇਨਿੰਗ ਅਤੇ ਹੋਰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾ ਕੇ ਵਿਦਿਆਰਥੀਆਂ ਨੂੰ ਪ੍ਰਤੀਯੋਗੀ ਯੁੱਗ ਦੇ ਅਨੁਕੂਲ ਤਿਆਰ ਕੀਤਾ ਜਾਂਦਾ ਹੈ। ਕਾਲਜ ਦੀ ਪ੍ਰਬੰਧਕ ਕਮੇਟੀ ਨੇ ਮਿਸਬਾ ਮਨਜ਼ੂਰ ਦੀ ਇਸ ਕਾਮਯਾਬੀ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਪ੍ਰਿੰਸੀਪਲ ਡਾ. ਦਲਜੀਤ ਕੌਰ ਤੂਰ, ਸਮੂਹ ਅਧਿਆਪਕ ਵਰਗ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੱਤੀ। ਕਮੇਟੀ ਮੈਂਬਰਾਂ ਨੇ ਕਿਹਾ ਕਿ ਇਹ ਸਫਲਤਾ ਸੰਸਥਾ ਦੀ ਮਿਹਨਤ, ਅਨੁਸ਼ਾਸਨ ਅਤੇ ਉੱਚ ਸਿੱਖਿਆ ਮਿਆਰਾਂ ਦਾ ਨਤੀਜਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸੇ ਤਰ੍ਹਾਂ ਲਗਨ ਅਤੇ ਮਿਹਨਤ ਨਾਲ ਅੱਗੇ ਵਧਦੇ ਰਹਿਣ ਅਤੇ ਨਰਸਿੰਗ ਖੇਤਰ ਵਿੱਚ ਆਪਣਾ ਅਤੇ ਆਪਣੇ ਸੰਸਥਾਨ ਦਾ ਨਾਮ ਰੌਸ਼ਨ ਕਰਨ। ਕਾਲਜ ਪ੍ਰਬੰਧਕਾਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਭਵਿੱਖ ਵਿੱਚ ਵੀ ਵਿਦਿਆਰਥੀ ਇਸੇ ਤਰ੍ਹਾਂ ਸ਼ਾਨਦਾਰ ਨਤੀਜੇ ਹਾਸਲ ਕਰਕੇ ਨਵੇਂ ਮਾਪਦੰਡ ਸਥਾਪਿਤ ਕਰਨਗੇ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਬੱਸੀ ਪਠਾਣਾਂ 'ਚ ਘਟ ਗਿਣਤੀ ਤੇ ਦਲਿਤ ਦਲ ਜਥੇਬੰਦੀ ਦੀ ਹੋਈ ਮੀਟਿੰਗ



**ਬੱਸੀ ਪਠਾਣਾਂ, 9 ਮਈ (ਰਾਜਨ ਭੱਲਾ)** ਘਟ ਗਿਣਤੀ ਅਤੇ ਦਲਿਤ ਦਲ ਜਥੇਬੰਦੀ ਦੀ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਅਤੇ ਸ੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਮੁੱਖ ਦਫਤਰ ਬਸੀ ਪਠਾਣਾਂ ਵਿੱਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਹਰਵੇਲ ਸਿੰਘ ਮਾਧੋਪੁਰ ਨੇ ਕਿਹਾ ਕਿ ਜੋ ਪਛਮੀ ਬੰਗਾਲ ਦੀਆਂ ਅਸੈਂਬਲੀ ਚੋਣਾਂ ਵਿਚ ਕੇਂਦਰੀ ਸਰਕਾਰ ਦੀ ਸ਼ਹਿ ਤੇ ਭਾਰਤ ਦੇ ਚੀਫ ਇਲੈਕਸ਼ਨ ਕਮਿਸ਼ਨ ਵਲੋਂ ਨਿਭਾਏ ਰੋਲ ਜਿਵੇਂ ਬਹੁਤ ਵਡੀ ਗਿਣਤੀ ਵਿਚ ਕੇਂਦਰੀ ਬਲਾਂ ਦੀ ਤਾਇਨਾਤੀ ਕਰਨਾ, ਚੋਣਾਂ ਦੌਰਾਨ ਵਾਪਰੀਆ ਹਿੰਸਾ ਦੀਆਂ ਘਟਨਾਵਾਂ ਦਾ ਕੋਈ ਨੋਟਿਸ ਨਾ ਲੈਣਾ, ਪੋਲਿੰਗ ਏਜੰਟਾਂ ਨੂੰ ਪੋਲਿੰਗ ਬੂਥਾਂ ਤੋਂ ਬਾਹਰ ਭਜਾਉਣਾ ਅਤੇ ਪੋਲਿੰਗ ਵਾਲੇ ਦਿਨ ਦੀ 12 ਵਜੇ ਤੋਂ ਛੇ ਵਜੇ ਤਕ ਦੀ ਵੀਡੀਓ ਦੀ ਫੁਟੇਜ ਨਾ ਦੇਣਾ ਆਦਿ ਦੇ ਕਾਰਣ ਦੇਸ਼ ਵਿਚ ਸੰਘਾਤਮਕ ਲੋਕਤੰਤਰੀ ਢਾਂਚੇ ਨੂੰ ਖਤਰੇ ਵਿਚ ਪਾ ਦਿਤਾ ਹੈ, ਮਾਧੋਪੁਰ ਨੇ ਅਗੇ ਕਿਹਾ ਕਿ ਦੇਸ਼ ਵਿਚ ਲੋਕਤਾਂਤਰਿਕ ਸੰਘਾਤਮਕ ਢਾਂਚੇ ਅਤੇ ਭਾਰਤੀ ਸੰਵਿਧਾਨ ਨੂੰ ਬਚਾਉਣ ਲਈ ਦੇਸ਼ ਭਰ ਵਿਚ ਵਿਚਰ ਦੀਆਂ ਰਾਜਨੀਤਕ ਖੇਤਰੀ ਪਾਰਟੀਆਂ ਅਤੇ ਘਟ ਗਿਣਤੀ ਵਰਗਾਂ ਨਾਲ ਸਬੰਧਤ ਜਥੇਬੰਦੀਆਂ ਇਕ ਪਲੇਟਫਾਰਮ ਤੇ ਇਕਠੇ ਹੋ ਕੇ ਸੰਘਰਸ਼ ਕਰਨ। ਮੀਟਿੰਗ ਕੁਝ ਮਤੇ ਪਾਸ ਕੀਤੇ ਗਏ। ਪਹਿਲੇ ਮਤੇ ਰਾਹੀਂ ਕੇਂਦਰ ਸਰਕਾਰ ਵਲੋ ਮਰਦਮ ਸ਼ੁਮਾਰੀ ਦੇ ਫਾਰਮ ਵਿਚ ਜਾਤੀ ਆਧਾਰ ਤੇ ਵਰਜਿਤ ਸ਼ਬਦਾਂ ਦੀ ਵਰਤੋਂ ਕਰਨ ਦੀ ਸਖਤ ਸ਼ਬਦਾਂ ਵਿਚ ਨਿੰਦਾਂ ਕੀਤੀ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਇਸ ਫਾਰਮ ਵਿਚੋਂ ਇਨਾਂ ਸ਼ਬਦਾਂ ਨੂੰ ਤੁਰੰਤ ਹਟਾਇਆ ਜਾਵੇ। ਦੂਜੇ ਮਤੇ ਰਾਹੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੂਬੇ ਵਿਚ ਵਿਗੜ ਰਹੀ ਅਮਨ ,ਕਾਨੂੰਨ ਦੀ ਸਥਿਤੀ ਨੂੰ ਸੁਧਾਰਿਆ ਜਾਵੇ ਤਾਂ ਕਿ ਲੋਕਾਂ ਦਾ ਸਰਕਾਰ ਵਿਚ ਵਿਸਵਾਸ਼ ਸਥਾਪਿਤ ਹੋ ਸਕੇ। ਤੀਜੇ ਮਤੇ ਰਾਹੀ ਜਿਲਾ ਫਤਹਿਗੜ ਸਾਹਿਬ ਦੇ ਉਘੇ ਪਤਰਕਾਰ ਡਾ.ਗੁਰਬਚਨ ਸਿੰਘ ਰੁਪਾਲ ਦੇ ਹੋਣਹਾਰ ਸਪੁਤਰ ਡਾ.ਗੁਰਸ਼ਰਨ ਸਿੰਘ ਰੁਪਾਲ ਦੀ ਹੋਈ ਬੇਵਕਤੀ ਮੌਤ ਤੇ ਡੂੰਘਾਂ ਸ਼ੋਕ ਪ੍ਰਗਟਾਵਾ ਕੀਤਾ ਗਿਆ ਅਤੇ ਇਸ ਨੂੰ ਪਰਿਵਾਰ,ਸਮਾਜ ਅਤੇ ਪਤਰਕਾਰੀ ਖੇਤਰ ਨੂੰ ਪੂਰਾ ਨਾ ਹੋਣ ਵਾਲਾ ਘਾਟਾ ਦਸਿਆ। ਇਸ ਮੌਕੇ ਭਗਤ ਸਿੰਘ ਪੰਜਕੋਹਾ ਮੁਖ ਸਲਾਹਕਾਰ,ਦਰਸ਼ਨ ਸਿੰਘ ਅਨਾਇਤਪੁਰਾ ਕੋਰ ਕਮੇਟੀ ਮੈਂਬਰ, ਸੰਜੀਵ ਕੁਮਾਰ ਡਾਇਰੈਕਟਰ, ਬਿਕਰਮਜੀਤ ਸਿੰਘ ਬਿਕੀ ਯੂਥ ਆਗੂ, ਪਰਮਿੰਦਰ ਸਿੰਘ ਜਿਲਾ ਸੀਨੀਅਰ ਮੀਤ ਪ੍ਰਧਾਨ, ਗੁਰਨਾਮ ਸਿੰਘ ਜਿਲਾ ਮੀਤ ਪ੍ਰਧਾਨ, ਸੁਰਜੀਤ ਸਿੰਘ ਜਿਲਾ ਜਨਰਲ ਸਕਤਰ, ਪਰੇਮ ਸਿੰਘ ਖਾਲਸਾ ਜਿਲਾ ਪ੍ਰਚਾਰ ਸਕਤਰ, ਜੋਧ ਸਿੰਘ ਕਲੌੜ ਸਰਕਲ ਪ੍ਰਧਾਨ, ਰਾਮ ਰਾਜ ਸਰਕਲ ਪ੍ਰਧਾਨ ਬਸੀ, ਹਰਬੰਸ ਸਿੰਘ ਭੜੀ ਸਰਕਲ ਪ੍ਰਧਾਨ,ਅਮਰਜੀਤ ਸਿੰਘ ਹਾਜੀਪੁਰ ਸਰਕਲ ਪ੍ਰਧਾਨ, ਪਰੇਮ ਸਿੰਘ ਪੰਜਕੋਹਾ ਸਰਕਲ ਪ੍ਰਧਾਨ ਸੰਘੋਲ, ਗੁਰਪਾਲ ਸਿੰਘ ਸਰਕਲ ਪ੍ਰਧਾਨ ਨੌਗਾਂਵਾ, ਨਰਿੰਦਰ ਕੁਮਾਰ ਬਬੂ ਸਰਕਲ ਜਨਰਲ ਸਕਤਰ, ਦਰਸ਼ਨ ਸਿੰਘ ਘੁਮੰਡਗੜ, ਬਲਦੇਵ ਸਿੰਘ ਥਾਬਲਾਂ, ਗੁਰਨਾਮ ਸਿੰਘ ਬਹੇੜ, ਨਰਿੰਦਰ ਕੁਮਾਰ ਕਲੌਂਦੀ, ਇੰਦਰਪਾਲ ਸਿੰਘ, ਹਰਬੰਸ ਸਿੰਘ ਬਸੀ, ਸੁਰਿੰਦਰ ਸਿੰਘ ਸ਼ਹੀਦਗੜ, ਬਿਕਰਮਜੀਤ ਸਿੰਘ ਕਾਲਾ, ਅਵਤਾਰ ਸਿੰਘ ਫਗਣ ਮਾਜਰਾ, ਸ਼ਿੰਗਾਰਾ ਸਿੰਘ ਬਸੀ, ਸ਼ਾਮ ਲਾਲ ਚੋਪੜਾ,ਜਸਬੀਰ ਸਿੰਘ ਜਸੀ ਹਾਜ਼ਰ ਸਨ।

# ਮਾਂ ਦੀ ਮਹਾਨਤਾ ਨੂੰ ਸਮਰਪਿਤ ਮਦਰਜ਼ ਡੇ ਸਮਾਗਮ ਡੀ.ਏ.ਵੀ. ਸਕੂਲ ਬਾਦਸ਼ਾਹਪੁਰ ਵਿੱਚ ਉਤਸ਼ਾਹ ਨਾਲ ਮਨਾਇਆ

**ਵਿਦਿਆਰਥੀਆਂ ਨੇ ਗੀਤਾਂ, ਕੋਰਿਓਗ੍ਰਾਫੀ ਅਤੇ ਗ੍ਰੀਟਿੰਗ ਕਾਰਡਾਂ ਰਾਹੀਂ ਮਾਂ ਪ੍ਰਤੀ ਪਿਆਰ ਕੀਤਾ ਪ੍ਰਗਟ, ਪਰਮਜੀਤ ਕੌਰ ਬਣੀ “ਮਦਰ ਆਫ ਦ ਡੇ”**



**ਪਾਤੜਾਂ, 9 ਮਈ (ਜਸਵਿੰਦਰ ਸਿੰਘ ਪਾਰਸ)** - ਡੀ.ਏ.ਵੀ. ਸਕੂਲ ਬਾਦਸ਼ਾਹਪੁਰ ਵਿੱਚ ਮਦਰਜ਼ ਡੇ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਮਾਤਾ ਦੇ ਸਨਮਾਨ ਵਿੱਚ ਸੁੰਦਰ ਸ਼ਬਦਾਂ ਨਾਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਮਾਂ ਦੀ ਮਹਾਨਤਾ ਨੂੰ ਸਮਰਪਿਤ ਗੀਤ ਪੇਸ਼ ਕੀਤੇ ਗਏ ਅਤੇ ਮਨਮੋਹਕ ਕੋਰਿਓਗ੍ਰਾਫੀ ਰਾਹੀਂ ਮਾਂ ਪ੍ਰਤੀ ਆਪਣਾ ਪਿਆਰ ਅਤੇ ਸਤਿਕਾਰ ਪ੍ਰਗਟ ਕੀਤਾ ਗਿਆ। ਸਕੂਲ ਵਿੱਚ ਜਮਾਤ ਤੀਜੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਆਪਣੀਆਂ ਮਾਤਾਵਾਂ ਲਈ ਸੁੰਦਰ ਗ੍ਰੀਟਿੰਗ ਕਾਰਡ ਤਿਆਰ ਕੀਤੇ, ਜਦਕਿ ਜਮਾਤ ਛੇਵੀਂ ਤੋਂ ਗਿਆਰਵੀਂ ਤੱਕ ਦੇ ਵਿਦਿਆਰਥੀਆਂ ਨੇ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਆਪਣੀ ਮਾਂ ਬਾਰੇ ਭਾਵਪੂਰਨ ਲਾਈਨਾਂ ਲਿਖੀਆਂ। ਇਸ ਦੌਰਾਨ ਵਿਦਿਆਰਥੀਆਂ ਦੀਆਂ ਮਾਤਾਵਾਂ ਲਈ ਵੀ ਵੱਖ-ਵੱਖ ਮਨੋਰੰਜਕ ਅਤੇ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਮਾਤਾਵਾਂ ਨੇ ਬੜੇ ਚਾਵ ਨਾਲ ਭਾਗ ਲਿਆ। ਇਸ ਮੌਕੇ ਸ੍ਰੀਮਤੀ ਪਰਮਜੀਤ ਕੌਰ ਨੂੰ “ਮਦਰ ਆਫ ਦ ਡੇ”ਘੋਸ਼ਿਤ ਕੀਤਾ ਗਿਆ। ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਮੈਡਮ ਪੂਨਮ ਸਿੰਘ ਨੇ ਸਾਰੀਆਂ ਮਾਤਾਵਾਂ ਨੂੰ ਮਦਰਜ਼ ਡੇ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਾਂ ਦਾ ਸਤਿਕਾਰ ਸਿਰਫ਼ ਮਦਰਜ਼ ਡੇ ਤੱਕ ਸੀਮਿਤ ਨਹੀਂ ਹੋਣਾ ਚਾਹੀਦਾ, ਸਗੋਂ ਹਰ ਦਿਨ ਆਪਣੀ ਮਾਂ ਦਾ ਆਦਰ ਅਤੇ ਸਨਮਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਾਂ ਬਿਨਾਂ ਜੀਵਨ ਅਧੂਰਾ ਹੈ, ਇਸ ਲਈ ਸਾਨੂੰ ਹਮੇਸ਼ਾ ਮਾਂ ਦੀ ਕਦਰ ਕਰਨੀ ਚਾਹੀਦੀ ਹੈ।

# ਮੁੱਖ ਮੰਤਰੀ ਦੀ 'ਸ਼ੁਕਰਾਨਾ ਯਾਤਰਾ' ਦਾ ਪਿੰਡ ਫੱਗੂਵਾਲਾ ਵਿਖੇ ਭਰਵਾਂ ਸਵਾਗਤ, ਸੰਗਤ ਦੇ ਪਿਆਰ ਲਈ ਹਮੇਸ਼ਾਂ ਰਿਣੀ ਰਹਾਂਗੇ : ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ, 9 ਮਈ (ਰਾਜ ਖੁਰਮੀ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੱਢੀ ਗਈ 'ਸ਼ੁਕਰਾਨਾ ਯਾਤਰਾ' ਨੂੰ ਅੱਜ ਉਸ ਵੇਲੇ ਭਰਵਾਂ ਹੁੰਗਾਰਾ ਮਿਲਿਆ ਜਦੋਂ ਇਹ ਯਾਤਰਾ ਸੰਗਰੂਰ ਦੇ ਇਤਿਹਾਸਕ ਪਿੰਡ ਫੱਗੂਵਾਲਾ ਵਿਖੇ ਪਹੁੰਚੀ। ਪਿੰਡ ਵਿੱਚ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਅਤੇ ਜੋਸ਼ੀਲੇ ਨਾਅਰਿਆਂ ਨਾਲ ਮੁੱਖ ਮੰਤਰੀ ਦਾ ਸਵਾਗਤ ਕੀਤਾ ਗਿਆ, ਜਿਸ ਨਾਲ ਪੂਰਾ ਮਾਹੌਲ ਭਗਤੀ ਅਤੇ ਉਤਸ਼ਾਹ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਈਆਂ ਸੰਗਤਾਂ ਨੂੰ ਸੰਬੋਧਨ ਕੀਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਇਸ ਯਾਤਰਾ ਦਾ ਮਕਸਦ ਗੁਰੂ ਸਾਹਿਬ ਦਾ ਸ਼ੁਕਰਾਨਾ ਅਦਾ ਕਰਨਾ ਅਤੇ ਪੰਜਾਬ ਦੇ ਲੋਕਾਂ ਦਾ ਧੰਨਵਾਦ ਕਰਨਾ ਹੈ।ਉਨ੍ਹਾਂ ਕਿਹਾ ਕਿ ਪਿੰਡ ਫੱਗੂਵਾਲਾ ਦੀ ਸੰਗਤ ਵੱਲੋਂ ਦਿੱਤਾ ਗਿਆ ਪਿਆਰ ਅਤੇ ਸਤਿਕਾਰ ਇਹ ਸਾਬਤ ਕਰਦਾ ਹੈ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਨੀਅਤ ਨਾਲ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਣਾ ਗੁਰੂ ਸਾਹਿਬ ਦੀ ਬਖਸ਼ਿਸ਼ ਹੈ ਅਤੇ ਉਹ ਇਸ ਲਈ ਅਕਾਲ ਪੁਰਖ ਦੇ ਸਦਾ ਰਿਣੀ ਰਹਿਣਗੇ।ਡਾ. ਜਵੰਧਾ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਜ਼ਿਲਾ ਸਕੱਤਰ ਐਕਸ ਸਰਵਿਸਮੈਨ ਵਿੰਗ ਜਗਦੀਸ਼ ਸਿੰਘ, ਹਲਕਾ ਕੋਆਰਡੀਨੇਟਰ ਬਹਾਦਰ ਸਿੰਘ, ਹਰਪ੍ਰੀਤ ਸਿੰਘ ਜਲਾਨ, ਸਰਪੰਚ ਨਿਰਭੈ ਸਿੰਘ ਬੰਘਾਵਾਲੀ, ਜਗਜੀਤ ਸਿੰਘ ਝਨੇੜੀ, ਸਰਪੰਚ ਨਾਜਰ ਸਿੰਘ ਗੁਰਥਲੀ, ਸਰਪੰਚ ਸੰਦੀਪ ਸਿੰਘ ਕਾਲਾ ਝਾੜ ਖੁਰਦ, ਸਰਪੰਚ ਕਰਮ ਸਿੰਘ ਸੰਤੋਖਪੁਰਾ, ਸਰਪੰਚ ਰਿਕੀ ਵਿਰਕ ਨੰਦਗੜ੍ਹ, ਸੀਨੀਅਰ ਆਗੂ ਗੁਰਵਿੰਦਰ ਸਿੰਘ ਗਹਿਲਾਂ, ਸਰਪੰਚ ਕੁਲਦੀਪ ਸਿੰਘ ਰਾਜਪੁਰਾ ਅਤੇ ਸੀਨੀਅਰ ਆਗੂ ਅਵਤਾਰ ਸਿੰਘ ਤਾਰੀ ਭਵਾਨੀਗੜ੍ਹ ਸਮੇਤ ਵੱਡੀ ਗਿਣਤੀ ਵਿੱਚ ਆਗੂ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਵਿੱਚ ਅਨੁਸੂਚਿਤ ਜਾਤੀ ਕਮਿਸ਼ਨ ਨੂੰ ਐਸਡੀਐਮ ਰਾਹੀਂ ਭੇਜਿਆ ਗਿਆ ਮੰਗ ਪੱਤਰ



**ਸ੍ਰੀ ਅਨੰਦਪੁਰ ਸਾਹਿਬ, 9 ਮਈ (ਰਾਣਾ ਹਰੀਵਾਲ/ਸੈਣੀ ਨਿੱਕੂਵਾਲ)** ਨਿਰਮਲ ਸਿੰਘ ਜ਼ਿਲ੍ਹਾ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਸ਼੍ਰੋਮਣੀ ਅਕਾਲੀ ਦਲ ਰੂਪਨਗਰ, ਸਾਬਕਾ ਜਿਲਾ ਪਰਿਸ਼ਦ ਅਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਜਥੇਦਾਰ ਰਾਮ ਸਿੰਘ ਵੱਲੋਂ ਅੱਜ ਇੱਕ ਮੰਗ ਪੱਤਰ ਐਸ.ਡੀ.ਐਮ. ਸ੍ਰੀ ਅਨੰਦਪੁਰ ਸਾਹਿਬ ਰਾਹੀਂ ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਭੇਜਿਆ ਗਿਆ। ਮੰਗ ਪੱਤਰ ਵਿੱਚ ਕਿਹਾ ਗਿਆ ਕਿ ਦੇਸ਼ ਭਰ ਵਿੱਚ ਚੱਲ ਰਹੀ ਜਨਗਣਨਾ ਦੌਰਾਨ ਪੰਜਾਬ ਸਰਕਾਰ ਵੱਲੋਂ ਡਾ. ਨਵਜੋਤ ਸਿੰਘ ਖੋਸਾ ਨੂੰ ਨੋਡਲ ਅਧਿਕਾਰੀ ਅਤੇ ਮਨਜੀਤ ਸਿੰਘ ਨੂੰ ਸਹਾਇਕ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਜਨਗਣਨਾ ਲਈ ਇੱਕ ਪ੍ਰੋਫਾਰਮਾ ਜਾਰੀ ਕੀਤਾ ਗਿਆ ਹੈ, ਜਿਸ ਵਿੱਚ ਅਨੁਸੂਚਿਤ ਜਾਤੀ ਅਤੇ ਵਾਲਮੀਕੀ ਸਮਾਜ ਦੀਆਂ ਜਾਤੀਆਂ ਲਿਖੀਆਂ ਗਈਆਂ ਹਨ, ਜਿਸ ਨਾਲ ਸਮਾਜ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਇਸ ਮਾਮਲੇ ਦਾ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੜਾ ਵਿਰੋਧ ਕੀਤਾ ਗਿਆ ਅਤੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ। ਨੇਤਾਵਾਂ ਨੇ ਕਿਹਾ ਕਿ ਅਨੁਸੂਚਿਤ ਜਾਤੀ ਅਤੇ ਵਾਲਮੀਕੀ ਸਮਾਜ ਦੀਆਂ ਜਾਤੀਆਂ ਵਾਲਾ ਪ੍ਰੋਫਾਰਮਾ ਜਾਰੀ ਕਰਨਾ ਨਿੰਦਣਯੋਗ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਐਕਟ ਤਹਿਤ ਕਾਰਵਾਈ ਬਣਦੀ ਹੈ। ਉਨ੍ਹਾਂ ਮੰਗ ਕੀਤੀ ਕਿ ਸੰਬੰਧਤ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇ ਅਤੇ ਵਿਵਾਦਿਤ ਪ੍ਰੋਫਾਰਮੇ ਨੂੰ ਤੁਰੰਤ ਸੋਧਿਆ ਜਾਵੇ ਤਾਂ ਜੋ ਕਿਸੇ ਵੀ ਸਮਾਜ ਦੀਆਂ ਭਾਵਨਾਵਾਂ ਭੜਕਣ ਤੋਂ ਬਚਾਇਆ ਜਾ ਸਕੇ। ਇਸ ਮੌਕੇ ਨਿਰਮਲ ਸਿੰਘ ਜ਼ਿਲ੍ਹਾ ਪ੍ਰਧਾਨ ਅਨੁਸੂਚਿਤ ਜਾਤੀ ਵਿੰਗ ਸ਼੍ਰੋਮਣੀ ਅਕਾਲੀ ਦਲ ਰੂਪਨਗਰ, ਸਾਬਕਾ ਜ਼ਿਲ੍ਹਾ ਪਰਿਸ਼ਦ ਅਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਜਥੇਦਾਰ ਰਾਮ ਸਿੰਘ, ਸੁਨੀਲ ਕੁਮਾਰ, ਮਦਨ ਲਾਲ ਸਮੇਤ ਹੋਰ ਪਾਰਟੀ ਆਗੂ ਹਾਜ਼ਰ ਸਨ।

# ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ 'ਚ ਕਬੱਡੀ ਦੇ ਇੰਟਰ ਹਾਊਸ ਮੁਕਾਬਲੇ ਕਰਵਾਏ



**ਭਗਤਾ ਭਾਈ, 9 ਮਈ (ਰਾਜਿੰਦਰ ਸਿੰਘ ਮਰਾਹੜ)**- ਇਸ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਮਾਤਾ ਬਲਜਿੰਦਰ ਕੌਰ ਯਾਦਗਾਰੀ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਖੇਡ ਮੈਦਾਨ ਵਿੱਚ ਹਾਊਸ ਕੋਆਰਡੀਨੇਟਰ ਕਰਮਜੀਤ ਕੌਰ, ਸਪੋਰਟਸ ਕੋਆਰਡੀਨੇਟਰ ਸੰਦੀਪ ਕੌਰ ਤੇ ਕਬੱਡੀ ਕੋਚ ਬੂਟਾ ਸਿੰਘ ਦੀ ਦੇਖ-ਰੇਖ ਹੇਠ ਲੜਕੀਆਂ ਦੇ ਇੰਟਰ ਹਾਊਸ ਕਬੱਡੀ ਮੁਕਾਬਲੇ ਕਰਵਾਏ ਗਏ। ਅੰਡਰ-14 ਵਰਗ ਦੇ ਫਾਈਨਲ 'ਚ ਮਾਲਵਾ ਹਾਊਸ ਨੇ ਪਹਿਲਾ, ਸਤਲੁਜ ਹਾਊਸ ਨੇ ਦੂਜਾ ਤੇ ਹਿਮਾਲਿਆ ਹਾਊਸ ਨੇ ਤੀਜਾ, ਅੰਡਰ-17 ਵਰਗ ਵਿੱਚ ਸਤਲੁਜ ਹਾਊਸ ਨੇ ਪਹਿਲਾ, ਹਿਮਾਲਿਆ ਹਾਊਸ ਨੇ ਦੂਜਾ ਤੇ ਸ਼ਿਵਾਲਿਕ ਹਾਊਸ ਨੂੰ ਤੀਜਾ, ਅੰਡਰ-19 ਵਰਗ 'ਚ ਮਾਲਵਾ ਹਾਊਸ ਨੇ ਪਹਿਲਾ, ਸਤਲੁਜ ਹਾਊਸ ਨੇ ਦੂਜਾ ਤੇ ਸ਼ਿਵਾਲਿਕ ਹਾਊਸ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਸ਼ਸ਼ੀ ਕਾਂਤ ਅਤੇ ਸੀਨੀਅਰ ਕੋਆਰਡੀਨੇਟਰ ਰੰਜੀਵ ਸ਼ਰਮਾ ਨੇ ਉਕਤ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਤਗਮੇ ਅਤੇ ਸਰਟੀਫਿਕੇਟ ਦੇ ਕੇ ਉਨ੍ਹਾਂ ਦਾ ਸਨਮਾਨ ਕੀਤਾ। ਪ੍ਰਿੰਸੀਪਲ ਸ਼ਸ਼ੀ ਕਾਂਤ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣ ਦੀ ਪ੍ਰੇਰਨਾ ਦਿੱਤੀ। ਸਕੂਲ ਦੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਅਤੇ ਡਾਇਰੈਕਟਰ ਕੋਹਿਨੂਰ ਸਿੱਧੂ ਨੇ ਜੇਤੂ ਖਿਡਾਰਨਾਂ ਨੂੰ ਮੁਬਾਰਕਬਾਦ ਦਿੱਤੀ।

# ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿਖੇ ਮਾਂ ਦਿਵਸ ਮਨਾਇਆ ਗਿਆ




**ਕੋਟਕਪੂਰਾ, 9 ਮਈ (ਟਿੰਕੂ ਕੁਮਾਰ)** ਮੋਗਾ-ਕੋਟਕਪੂਰਾ ਰੋਡ 'ਤੇ ਪੰਜਗਰਾਈਂ ਕਲਾਂ ਨੇੜੇ ਸਥਿਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿਖੇ 'ਮਾਂ ਦਿਵਸ' ਦੇ ਮੌਕੇ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਵਾਸੂ ਸ਼ਰਮਾ; ਚੇਅਰਪਰਸਨ, ਰਕਸ਼ੰਦਾ ਸ਼ਰਮਾ ਅਤੇ ਡਾਇਰੈਕਟਰ, ਸੀਮਾ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਛੋਟੇ ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਦੇ ਨਾਲ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸਵਾਗਤੀ ਗੀਤ ਨਾਲ ਹੋਈ, ਜਿਸ ਤੋਂ ਬਾਅਦ ਬੱਚਿਆਂ ਨੇ ਕਵਿਤਾਵਾਂ, ਨਾਚ ਪ੍ਰਦਰਸ਼ਨਾਂ ਅਤੇ ਰੰਗੀਨ ਪੇਸ਼ਕਾਰੀਆਂ ਰਾਹੀਂ ਆਪਣੀਆਂ ਮਾਵਾਂ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਮਾਵਾਂ ਲਈ ਮਨੋਰੰਜਕ ਖੇਡਾਂ ਅਤੇ ਗਤੀਵਿਧੀਆਂ ਦਾ ਵੀ ਆਯੋਜਨ ਕੀਤਾ ਗਿਆ, ਜਿਨ੍ਹਾਂ ਨੇ ਬਹੁਤ ਜੋਸ਼ ਨਾਲ ਇਨ੍ਹਾਂ ਵਿੱਚ ਹਿੱਸਾ ਲਿਆ। ਇਸ ਮੌਕੇ 'ਤੇ ਬੋਲਦਿਆਂ ਸਕੂਲ ਚੇਅਰਪਰਸਨ ਰਕਸ਼ੰਦਾ ਸ਼ਰਮਾ ਅਤੇ ਚੇਅਰਮੈਨ ਵਾਸੂ ਸ਼ਰਮਾ ਨੇ ਆਪਣੇ ਸੰਬੋਧਨਾਂ ਵਿੱਚ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕਾ ਹੁੰਦੀ ਹੈ ਅਤੇ ਜੀਵਨ ਵਿੱਚ ਉਸਦਾ ਸਥਾਨ ਸਭ ਤੋਂ ਮਹੱਤਵਪੂਰਨ ਹੁੰਦਾ ਹੈ। ਅਜਿਹੇ ਪ੍ਰੋਗਰਾਮ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਵਿਚਕਾਰ ਪਿਆਰ ਦੇ ਬੰਧਨ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸਾਰੀਆਂ ਮਾਵਾਂ ਨੂੰ ਸਤਿਕਾਰ ਵਜੋਂ ਇੱਕ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ ਅਤੇ ਉਨ੍ਹਾਂ ਨੂੰ 'ਮਾਂ ਦਿਵਸ' ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਪੂਰਾ ਮਾਹੌਲ ਖੁਸ਼ੀ, ਪਿਆਰ ਅਤੇ ਭਾਵਨਾਵਾਂ ਨਾਲ ਭਰਿਆ ਹੋਇਆ ਸੀ। ਇਸ ਮੌਕੇ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

# ਗੋਲਡਨ ਐਜੂਕੇਸ਼ਨ ਧਰਮਕੋਟ ਨੇ ਲਗਵਾਏ ਸਾਰੇ ਪਰਿਵਾਰ ਦੇ ਕੈਨੇਡਾ ਓਪਨ ਵਰਕ ਵੀਜ਼ੇ

**ਧਰਮਕੋਟ ਵਿੱਚ ਸਭ ਤੋਂ ਵੱਧ ਵੀਜ਼ੇ ਲਗਵਾਉਣ ਵਾਲੀ ਸੰਸਥਾ ਬਣੀ - ਅਰੋੜਾ**



**ਧਰਮਕੋਟ, 9 ਮਈ (ਸਤਨਾਮ ਸਿੰਘ ਘਾਰੂ)** ਗੋਲਡਨ ਐਜੂਕੇਸ਼ਨ ਧਰਮਕੋਟ ਸੰਸਥਾ ਵੱਖ ਵੱਖ ਦੇਸ਼ਾਂ ਦੇ ਵੀਜ਼ੇ ਲਗਵਾ ਕੇ ਲੋਕਾਂ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੀ ਹੈ। ਇਸੇ ਤਹਿਤ ਹੀ ਸੰਸਥਾ ਵੱਲੋਂ ਸੁਖਵਿੰਦਰ ਕੌਰ ਤੇ ਰਿਆਨਦੀਪ ਸਿੰਘ ਵਾਸੀ ਤਰਨਤਾਰਨ ਦਾ ਕੈਨੇਡਾ ਦੇ ਓਪਨ ਵਰਕ ਵੀਜ਼ੇ ਲਗਵਾ ਕੇ ਦਿੱਤੇ ਹਨ। ਸੰਸਥਾ ਦੀ ਡਾਇਰੈਕਟਰ ਹਰਪ੍ਰੀਤ ਕੌਰ ਅਰੋੜਾ ਨੇ ਕਿਹਾ ਕਿ ਵਿਦੇਸ਼ ਵਿੱਚ ਘੁੰਮਣ ਫਿਰਨ ਪੜ੍ਹਾਈ ਕਰਨ ਦੇ ਚਾਹਵਾਨ ਕਿਸੇ ਵੀ ਵਿਦਿਆਰਥੀ ਤੇ ਮਾਪਿਆਂ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਹੈ ਕਿਉਕਿ ਸੰਸਥਾ ਵੱਲੋਂ ਬਹੁਤ ਹੀ ਵਧੀਆ ਤਰੀਕੇ ਨਾਲ ਫਾਇਲ ਤਿਆਰ ਕੀਤੀ ਜਾਂਦੀ ਹੈ ਤੇ ਵਧੀਆ ਤਰੀਕੇ ਨਾਲ ਤਿਆਰ ਕੀਤੇ ਕੇਸ ਨਾਲ ਕਿਸੇ ਨੂੰ ਵੀਜ਼ਾ ਲਗਵਾਉਣ ਵਿਚ ਮੁਸ਼ਕਿਲ ਨਹੀਂ ਆਉਂਦੀ। ਉਨ੍ਹਾਂ ਦੱਸਿਆ ਕਿ ਸੰਸਥਾ ਵਲੋਂ ਧੜਾ ਧੜ ਵੀਜ਼ੇ ਲਗਵਾਏ ਜਾ ਰਹੇ ਹਨ ਤੇ ਇਹ ਵੀਜ਼ੇ ਸਿਰਫ 15 ਦਿਨਾਂ ਵਿੱਚ ਆਏ ਹਨ ਉਹਨਾ ਦੱਸਿਆ ਕਿ ਰਿਆਨਦੀਪ ਸਿੰਘ ਦਾ ਵਰਕ ਵੀਜ਼ਾ ਸਿਰਫ 2 ਸਾਲ ਦੀ ਉਮਰ ਵਿੱਚ ਆਇਆ ਹੈ ਤੇ ਉਹਨਾਂ ਨੂੰ ਵੀਜ਼ੇ ਸੌਂਪਦਿਆਂ ਵਧਾਈ ਦਿੱਤੀ ਅਤੇ ਚੰਗੇ ਭਵਿੱਖ ਦੀ ਕਾਮਨਾ ਵੀ ਕੀਤੀ। ਉਹਨਾਂ ਦੱਸਿਆ ਕਿ ਸੰਸਥਾ ਦੀ ਇੱਕੋ ਛੱਤ ਹੇਠ ਹਵਾਈ ਟਿਕਟਾਂ, ਵੈਸਟਰਨ ਯੂਨੀਅਨ, ਆਈਲਸ, ਇੰਮੀਗ੍ਰੇਸ਼ਨ, ਪੀ.ਟੀ.ਈ, ਇੰਡੋ-ਕੈਨੇਡੀਅਨ ਬੱਸ ਬੁਕਿੰਗ ਅਤੇ ਪਾਸਪੋਰਟ ਅਪਲਾਈ ਦੀ ਸੁਵਿਧਾ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਅਮਰਿੰਦਰ ਸਿੰਘ ਸੈਂਡੀ, ਮਨਜੋਤ ਕੌਰ, ਸਿਮਰਜੀਤ ਕੌਰ, ਵੀਰਪਾਲ ਕੌਰ, ਮੋਨਿਕਾ ,ਗੁਰਪ੍ਰੀਤ ਸਿੰਘ ਮਨੀ ਤੋਂ ਇਲਾਵਾ ਸੰਸਥਾ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ ਵਿੱਚ ਮਾਤਾ ਦਿਵਸ ਮਨਾਇਆ ਗਿਆ





**ਮਾਛੀਵਾੜਾ ਸਾਹਿਬ 9 ਮਈ (ਮਾਸਟਰ ਸਤੀਸ਼ ਕੁਮਾਰ)** ਓਰੀਐਂਟ ਇੰਟਰਨੈਸ਼ਨਲ ਸਕੂਲ ਐਂਡ ਸਪੋਰਟਸ ਅਕੈਡਮੀ ਵਿੱਚ ਮਾਂ ਦਿਵਸ ਨੂੰ ਯਾਦਗਾਰੀ ਬਣਾਉਣ ਲਈ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੀਆਂ ਮਾਵਾਂ ਪ੍ਰਤੀ ਪਿਆਰ ਅਤੇ ਸਤਿਕਾਰ ਪ੍ਰਗਟ ਕਰਨ ਲਈ ਵੱਖ-ਵੱਖ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਦੌਰਾਨ ਵਿਦਿਆਰਥੀਆਂ ਨੇ ਗੀਤ, ਕਵਿਤਾਵਾਂ ਅਤੇ ਸਕਿੱਟਾਂ ਰਾਹੀਂ ਮਾਂ ਦੀ ਮਹਾਨਤਾ ਨੂੰ ਦਰਸਾਇਆ। ਬੱਚਿਆਂ ਵੱਲੋਂ ਤਿਆਰ ਕੀਤੇ ਗ੍ਰੀਟਿੰਗ ਕਾਰਡ ਅਤੇ ਹੱਥੀਂ ਬਣੇ ਤੋਹਫ਼ੇ ਵੀ ਮਤਾਂਵਾਂ ਨੂੰ ਸਮਰਪਿਤ ਕੀਤੇ ਗਏ।ਇਸ ਮੌਕੇ ਮਾਤਾਵਾਂ ਲਈ ਖਾਸ ਗੇਮਾਂ ਅਤੇ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਉਨ੍ਹਾਂ ਨੇ ਬੜੇ ਚਾਅ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਰਜਤ ਸ਼ਰਮਾ ਅਤੇ ਪ੍ਰਿੰਸੀਪਲ ਦੀਪਾਲੀ ਨੰਦਾ ਨੇ ਮਾਂ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਮਾਂ ਦਾ ਦਰਜਾ ਸਭ ਤੋਂ ਉੱਚਾ ਹੈ ਅਤੇ ਬੱਚਿਆਂ ਦੀ ਜ਼ਿੰਦਗੀ ਵਿੱਚ ਮਾਂ ਦੀ ਭੂਮਿਕਾ ਅਹਿਮ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਦਾ ਸਤਿਕਾਰ ਕਰਨ ਅਤੇ ਹਮੇਸ਼ਾਂ ਉਨ੍ਹਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਕੂਲ ਵੱਲੋਂ ਸਾਰੀਆਂ ਮਾਤਾਵਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਮਾਗਮ ਨੂੰ ਬੜੀ ਖੁਸ਼ੀ ਨਾਲ ਸੰਪੰਨ ਕੀਤਾ ਗਿਆ।

# ਸਰੀਰਕ ਤੰਦਰੁਸਤੀ ਅਤੇ ਮਾਨਸਿਕ ਵਿਕਾਸ ਕਰਨ ਲਈ ਖੇਡਾਂ ਸਹਾਇਕ ਹੁੰਦੀਆਂ ਹਨ : ਸਪੀਕਰ ਸੰਧਵਾਂ

**ਨੌਵੇਂ ਪਾਵਰ ਲਾਈਨ ਸਟੀਲ ਕੱਪ ਦੇ ਸਮਾਪਤੀ ਸਮਾਰੋਹ 'ਚ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ**



**ਕੋਟਕਪੂਰਾ, 9 ਮਈ (ਟਿੰਕੂ ਕੁਮਾਰ)** ਖੇਡਾਂ ਸਾਡੀ ਜ਼ਿੰਦਗੀ ਵਿੱਚ ਸਾਨੂੰ ਹਾਰ ਬਰਦਾਸ਼ਤ ਕਰਨ ਅਤੇ ਆਪਣੀ ਜ਼ਿੰਦਗੀ ਨੂੰ ਅਨੁਸ਼ਾਸਨਿਕ ਤਰੀਕੇ ਨਾਲ ਜਿਉਣਾ ਸਿਖਾਉਂਦੀਆਂ ਹਨ। ਸਰੀਰਕ ਤੰਦਰੁਸਤੀ ਅਤੇ ਮਾਨਸਿਕ ਵਿਕਾਸ ਕਰਨ ਲਈ ਵੀ ਖੇਡਾਂ ਹਮੇਸ਼ਾਂ ਸਹਾਇਕ ਹੁੰਦੀਆਂ ਹਨ, ਇਸ ਲਈ ਸਾਨੂੰ ਸਾਰਿਆਂ ਨੂੰ ਗਰਾਊਂਡਾਂ ਨਾਲ ਜੁੜਨਾ ਬਹੁਤ ਜਰੂਰੀ ਹੋ ਗਿਆ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਟਵੰਟੀ ਟਵੰਟੀ ਕ੍ਰਿਕਟ ਗਰਾਊਂਡ ਪਿੰਡ ਸੰਧਵਾਂ ਵਿਖੇ ਚੱਲ ਰਹੇ ਨੌਵੇਂ ਪਾਵਰ ਲਾਈਨ ਸਟੀਲ ਕੱਪ ਦੇ ਸਮਾਪਤੀ ਸਮਾਰੋਹ ਦੌਰਾਨ ਕਹੇ। ਸਪੀਕਰ ਸੰਧਵਾਂ ਨੇ ਆਪਣੇ ਸੰਬੋਧਨ ਦੌਰਾਨ ਨੌਜਵਾਨ ਬੱਚਿਆਂ ਦੀ ਵੱਡੀ ਮੰਗ ਮੇਨ ਸੜਕ ਤੋਂ ਗਰਾਊਂਡ ਤੱਕ ਦਾ ਰਸਤਾ ਪੱਕਾ ਕਰਾਉਣ ਦਾ ਵਾਅਦਾ ਕਰਕੇ ਸਾਰੇ ਖਿਡਾਰੀਆਂ ਦਾ ਦਿਲ ਜਿੱਤ ਲਿਆ ਅਤੇ ਜੈਕਾਰਿਆਂ ਦੀ ਗੂੰਜ ਦੇ ਵਿੱਚ ਉਹਨਾਂ ਦਾ ਧੰਨਵਾਦ ਕੀਤਾ। ਸਪੀਕਰ ਸੰਧਵਾਂ ਨੇ ਕਿਹਾ ਕਿ ਮੇਰੇ ਇਲਾਕੇ ਦੇ ਕਿਸੇ ਵੀ ਖਿਡਾਰੀ ਨੂੰ ਖੇਡਣ ਵਿੱਚ ਕਿਸੇ ਤਰ੍ਹਾਂ ਦੀ ਮੈਂ ਤਕਲੀਫ ਨਹੀਂ ਹੋਣ ਦੇਣੀ। ਖਿਡਾਰੀ ਹਮੇਸ਼ਾਂ ਖੁਸ਼ ਰਹਿਣੇ ਚਾਹੀਦੇ ਹਨ ਤਾਂ ਹੀ ਸਮਾਜ ਵਿੱਚ ਖੁਸ਼ੀਆਂ ਆਉਣ ਗਈਆਂ। ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਸਮਾਜਸੇਵੀ ਸੰਦੀਪ ਗੋਇਲ ਪ੍ਰਧਾਨ ਫੋਕਲ ਪੁਆਇੰਟ ਐਸੋਸੀਏਸ਼ਨ ਨੇ ਨੌਜਵਾਨ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਟਵੰਟੀ-ਟਵੰਟੀ ਕ੍ਰਿਕਟ ਗਰਾਊਂਡ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ, ਜੋ ਨੌਕਰੀ ਪੇਸ਼ਾ ਕਾਰੋਬਾਰੀ ਲੋਕ ਮਾਨਸਿਕ ਪ੍ਰੇਸ਼ਾਨੀਆਂ ਨੂੰ ਇਸ ਕਾਸਕੋ ਕ੍ਰਿਕਟ ਖੇਡ ਕੇ ਤੰਦਰੁਸਤ ਕਰਨ ਦਾ ਯਤਨ ਕਰ ਰਹੇ ਹਨ। ਇਹ ਬਹੁਤ ਹੀ ਜਿਆਦਾ ਸ਼ਲਾਘਾਯੋਗ ਉਪਰਾਲਾ ਹੈ। ਇਨਾਮ ਵੰਡ ਸਮਾਰੋਹ ਨਰਿੰਦਰ ਬੈੜ ਡਾਇਰੈਕਟਰ ਬਾਬਾ ਮਿਲਕ ਕੋਟਕਪੂਰਾ ਨੇ ਆਪਣੇ ਕਰ ਕਮਲਾ ਨਾਲ ਕੀਤਾ। ਉਹਨਾਂ ਨੇ ਜੇਤੂ ਟੀਮ ਪਰਾਸ਼ਰ ਜੋਤਿਸ਼ ਸਦਨ ਅਤੇ ਉਪਜੇਤੂ ਪੰਜਾਬ ਐਂਡ ਸਿੰਧ ਬੈਂਕ ਨੂੰ ਮੁਬਾਰਕਾਂ ਦਿੰਦਿਆਂ ਕਿਹਾ ਕਿ ਖੇਡਣਾ ਸਾਨੂੰ ਜ਼ਿੰਦਗੀ ਜਿਉਣਾ ਸਿਖਾਉਣ ਦੀਆਂ ਹਨ। ਜ਼ਿੰਦਗੀ ਵਿੱਚ ਤਾਲਮੇਲ ਅਤੇ ਅਨੁਸ਼ਾਸਨ ਸਿਖਾ ਕੇ ਜ਼ਿੰਦਗੀ ਵਿੱਚ ਕਾਮਯਾਬ ਹੋਣ ਦਾ ਰਸਤਾ ਵੀ ਖੇਡਾਂ ਹੀ ਬਣਾਉਂਦੀਆਂ ਹਨ। ਪ੍ਰਬੰਧਕ ਬਲਜੀਤ ਸਿੰਘ ਖੀਵਾ ਅਤੇ ਹਨੀ ਸ਼ਰਮਾ ਨੇ ਦੱਸਿਆ ਕਿ ਨੌਵੇਂ ਪਾਵਰ ਲਾਈਨ ਸਟੀਲ ਕੱਪ ਵਿੱਚ 12 ਟੀਮਾਂ ਨੇ ਰਾਤ ਦੇ ਇਸ ਟੂਰਨਾਮੈਂਟ ਵਿੱਚ ਭਾਗ ਲਿਆ ਸੀ, ਜਿਸ ਦੇ ਅੰਤ ਵਿੱਚ ਫਾਈਨਲ ਮੁਕਾਬਲਾ ਪਰਾਸ਼ਰ ਜੋਤਿਸ਼ ਸਦਨ ਅਤੇ ਪੰਜਾਬ ਐਂਡ ਸਿੰਧ ਬੈਂਕ ਦੇ ਵਿਚਕਾਰ ਖੇਡਿਆ ਗਿਆ। ਪ੍ਰਾਸ਼ਰ ਜੋਤਿਸ਼ ਸਦਨ ਨੇ ਪਹਿਲਾ ਬੱਲੇਬਾਜ਼ੀ ਕਰਦਿਆਂ 24 ਓਵਰਾਂ ਵਿੱਚ 192 ਦੌੜਾਂ ਬਣਾਉਣ ਦਾ ਟੀਚਾ ਦਿੱਤਾ ਪਰ ਪੰਜਾਬ ਐਂਡ ਸਿੰਧ ਬੈਂਕ ਦੀ ਟੀਮ 19 ਓਵਰਾਂ ਵਿੱਚ ਕੇਵਲ 100 ਰਨ ਬਣਾ ਕੇ ਹੀ ਆਲ ਆਊਟ ਹੋ ਗਈ ਪ੍ਰਾਸ਼ਰ ਜੋਤਿਸ਼ ਸਦਨ ਨੇ ਇਹ ਮੈਚ 91 ਦੌੜਾਂ ਨਾਲ ਜਿੱਤ ਲਿਆ। ਮੈਨੇਜਰ ਸੁਖ ਸ਼ਰਮਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਮੈਨ ਆਫ ਦੀ ਸੀਰੀਜ ਵਿੱਚ ਡਾ. ਲਵਪ੍ਰੀਤ ਲਵੀ, ਦੀਪਕ ਸ਼ਰਮਾ, ਡਾਕਟਰ ਰੋਡੇ, ਵਿੱਕੀ ਗਿੱਲ, ਵਿਕਾਸ ਗਰਗ ਰਹੇ, ਜਿਨਾਂ ਨੂੰ ਵੱਡੇ ਇਨਾਮ ਜਿਵੇਂ ਫਰਿਜ, ਵਾਸ਼ਿੰਗ ਮਸ਼ੀਨ, ਮਾਈਕਰੋਬੇਵ, ਐਲ.ਸੀ.ਡੀ. ਤੱਕ ਇਨਾਮਾਂ ਵਿੱਚ ਦਿੱਤੀਆਂ ਗਈਆਂ। ਬੈਸਟ ਵਿਕਟ ਕੀਪਰ ਲਵ ਸੰਧੂ ਐਲਾਨਿਆ ਗਿਆ। ਲੈਵਲ ਅੱਪ ਮੁਦਕੀ ਦੀ ਟੀਮ ਨੂੰ ਬੈਸਟ ਸਪਿਰਟ ਦਾ ਐਵਾਰਡ ਦੇ ਕੇ ਸਨਮਾਨਿਤ ਕੀਤਾ। ਇਸ ਸਮੇਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਿਮਰਨ ਸਿੰਘ ਐਮ.ਸੀ., ਗੁਰਵਿੰਦਰ ਸਿੰਘ ਚਾਨਾ, ਅੰਪਾਇਰ ਪਿੰਕੂ ਛਾਬੜਾ, ਧੋਨੀ ਤਲਵੰਡੀ, ਕੋਮੈਂਟਰੀ ਸਿਮੂ ਢਿੱਲੋ, ਹੈਪੀ ਬਰਾੜ, ਪੰਕਜ ਮਹਿਰਾ, ਵੰਸ਼ ਮਹਿਰਾ, ਰੇਸ਼ਮ ਸਿੰਘ ਵਿਰਦੀ, ਰਾਮਕ੍ਰਿਸ਼ਨ ਕਟਾਰੀਆ ਅਤੇ ਸੈਂਕੜੇ ਕ੍ਰਿਕਟ ਪ੍ਰੇਮੀ ਹਾਜ਼ਰ ਸਨ।